ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245331/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 27 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੦ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਇੰਡੀਗੋ ਦੀ ਫਲਾਈਟ ’ਚ ਬੰਬ ਦੀ ਧਮਕੀ



**ਇਸਲਾਮਾਬਾਦ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੀ ਰਾਜਧਾਨੀ ਲਖਨਊ ਤੋਂ ਬੈਂਗਲੁਰੂ ਜਾ ਰਹੀ ਇੰਡੀਗੋ ਦੀ ਫਲਾਈਟ 6ਈ231 ਵਿਚ ਬੰਬ ਦੀ ਧਮਕੀ ਮਿਲਣ ਨਾਲ ਭੜਥੂ ਪੈ ਗਿਆ। ਬੁੱਧਵਾਰ ਸਵੇਰੇ ਬੈਂਗਲੁਰੂ ਦੇ ਕੇਂਪੇਗੌੜਾ ਇੰਟਰਨੈਸ਼ਨਲ ਏਅਰਪੋਰਟ ’ਤੇ ਲੈਂਡਿੰਗ ਤੋਂ ਠੀਕ ਪਹਿਲਾਂ ਜਹਾਜ਼ ਵਿਚ ਬੰਬ ਦੀ ਧਮਕੀ ਮਿਲੀ। ਪਾਇਲਟ ਅਤੇ ਕਰੂ ਨੇ ਤੁਰੰਤ ਸੁਰੱਖਿਆ ਪ੍ਰੋਟੋਕੋਲ ਤਹਿਤ ਜ਼ਰੂਰੀ ਕਦਮ ਉਠਾਏ। ਜਹਾਜ਼ ਨੂੰ ਕਰੀਬ ਪੌਣੇ 10 ਵਜੇ ਸੁਰੱਖਿਅਤ ਲੈਂਡ ਕਰਵਾਇਆ ਗਿਆ ਅਤੇ ਇਸ ਤੋਂ ਬਾਅਦ ਉਸ ਨੂੰ ‘ਆਈਸੋਲੇਸ਼ਨ ਬੇਅ’ ਵਿਚ ਭੇਜ ਕੇ ਜਾਂਚ ਸ਼ੁਰੂ ਕੀਤੀ ਗਈ। ਸੀ. ਆਈ. ਐੱਸ. ਐੱਫ., ਬੰਬ ਨਕਾਰਾ ਕਰਨ ਵਾਲਾ ਦਸਤਾ ਅਤੇ ਡੌਗ ਸਕੁਆਡ ਸਮੇਤ ਸਬੰਧਤ ਸੁਰੱਖਿਆ ਏਜੰਸੀਆਂ ਨੇ ਜਹਾਜ਼ ਦੀ ਤਲਾਸ਼ੀ ਸ਼ੁਰੂ ਕੀਤੀ। ਕੈਬਿਨ, ਕੌਕਪਿਟ, ਵਾਸ਼ਰੂਮ, ਲਗੇਜ ਹੋਲਡ ਅਤੇ ਕਾਰਗੋ ਏਰੀਆ ਸਮੇਤ ਜਹਾਜ਼ ਦੇ ਵੱਖ-ਵੱਖ ਹਿੱਸਿਆਂ ਦੀ ਜਾਂਚ ਕੀਤੀ ਗਈ। ਯਾਤਰੀਆਂ ਦੇ ਸਾਮਾਨ ਦੀ ਵੀ ਦੁਬਾਰਾ ਸਕ੍ਰੀਨਿੰਗ ਕੀਤੀ ਗਈ, ਤਾਂ ਜੋ ਕਿਸੇ ਸ਼ੱਕੀ ਵਸਤੂ ਦੀ ਮੌਜੂਦਗੀ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਸਕੇ ਪਰ ਕੋਈ ਵੀ ਸ਼ੱਕੀ ਵਸਤੂ ਨਹੀਂ ਮਿਲੀ।

## ਤਿੱਬਤ ਤੋਂ ਆਏ ਭਿਆਨਕ ਹੜ੍ਹ ਨੇ ਨੇਪਾਲ ’ਚ ਮਚਾਈ ਤਬਾਹੀ

# ਦਰਜਨਾਂ ਪਿੰਡ ਤਬਾਹ, ਸੈਂਕੜੇ ਮੌਤਾਂ, ਸੈਂਕੜੇ ਲਾਪਤਾ

**ਕਾਠਮੰਡੂ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੇ ਰਸੁਵਾ ਜ਼ਿਲ੍ਹੇ ਵਿੱਚ ਬੁੱਧਵਾਰ ਤੜਕੇ ਭੋਟੇਕੋਸ਼ੀ ਨਦੀ ਵਿੱਚ ਆਏ ਭਿਆਨਕ ਹੜ੍ਹ ਨੇ ਭਾਰੀ ਤਬਾਹੀ ਮਚਾਈ। ਹੜ੍ਹ ਦੇ ਪਾਣੀ ਨੇ ਨਦੀ ਕਿਨਾਰੇ ਬਣੀਆਂ ਬਸਤੀਆਂ ਅਤੇ ਕਈ ਮਹੱਤਵਪੂਰਨ ਢਾਂਚਿਆਂ ਨੂੰ ਨੁਕਸਾਨ ਪਹੁੰਚਾਇਆ। ਭਿਆਨਕ ਤਬਾਹੀ ਮਗਰੋਂ ਵਿਸ਼ਾਲ ਖੋਜ ਅਤੇ ਬਚਾਅ ਕਾਰਜ ਸ਼ੁਰੂ ਕੀਤਾ ਗਿਆ ਹੈ। ਉੱਤਰੀ ਨੇਪਾਲ ਵਿੱਚ ਭੋਟੇਕੋਸ਼ੀ ਨਦੀ ਵਿੱਚ ਅਚਾਨਕ ਹੜ੍ਹ ਆ ਗਿਆ, ਜਿਸ ਨਾਲ ਰਸੁਵਾ ਜ਼ਿਲ੍ਹੇ ਦੇ ਕਈ ਨਦੀ ਕਿਨਾਰੇ ਖੇਤਰ ਪ੍ਰਭਾਵਿਤ ਹੋਏ। ਉੱਤਰਗਯਾ ਗ੍ਰਾਮੀਣ ਨਗਰਪਾਲਿਕਾ ਦੇ ਉਪ ਪ੍ਰਧਾਨ ਚਮੇਲੀ ਗੁਰੂੰਗ ਦੇ ਅਨੁਸਾਰ ਲਗਭਗ ਇੱਕ ਦਰਜਨ ਬਸਤੀਆਂ ਪ੍ਰਭਾਵਿਤ ਹੋਈਆਂ ਹਨ। ਇਨ੍ਹਾਂ ਵਿੱਚ ਸਿਆਫਰੂਬੇਸੀ, ਬੇਤਰਾਵਤੀ, ਮੈਲੁੰਗ, ਸਲੇਟਰ, ਸ਼ਾਂਤੀਬਾਜ਼ਾਰ, ਪਾਰੇਬੇਸੀ, ਖਲਤੀ ਬਸਤੀ, ਸੋਲੇ, ਤ੍ਰਿਸ਼ੂਲੀ ਅਤੇ ਬੱਤਰ ਵਰਗੇ ਖੇਤਰ ਸ਼ਾਮਲ ਹਨ।



ਪ੍ਰਸ਼ਾਸਨ ਨੇ ਅਜੇ ਤੱਕ ਮੌਤਾਂ, ਜ਼ਖਮੀਆਂ ਅਤੇ ਜਾਇਦਾਦ ਦੇ ਨੁਕਸਾਨ ਦੇ ਅਧਿਕਾਰਤ ਅੰਕੜੇ ਜਾਰੀ ਨਹੀਂ ਕੀਤੇ ਹਨ। ਹਾਲਾਂਕਿ ਸਥਾਨਕ ਅਧਿਕਾਰੀਆਂ, ਨਿਵਾਸੀਆਂ ਅਤੇ ਸੁਰੱਖਿਆ ਏਜੰਸੀਆਂ ਤੋਂ ਸ਼ੁਰੂਆਤੀ ਜਾਣਕਾਰੀ, ਉੱਭਰ ਰਹੀਆਂ ਤਸਵੀਰਾਂ ਅਤੇ ਵੀਡੀਓ ਦੇ ਨਾਲ, ਵਿਆਪਕ ਨੁਕਸਾਨ ਦਾ ਸੰਕੇਤ ਦਿੰਦੀ ਹੈ। ਹੁਣ ਤੱਕ, ਸੈਂਕੜੇ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ ਅਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਹੋ ਗਏ ਹਨ। ਇਹ ਖਦਸ਼ਾ ਹੈ ਕਿ ਕੁਦਰਤੀ ਆਫ਼ਤ ਵਿੱਚ 1,000 ਤੋਂ ਵੱਧ ਲੋਕ ਵਹਿ ਗਏ ਹਨ। ਅਚਾਨਕ ਆਏ ਹੜ੍ਹ ਨੇ ਕਈ ਇਲਾਕਿਆਂ ਵਿੱਚ ਸਥਿਤੀ ਨੂੰ ਹੋਰ ਵਿਗਾੜ ਦਿੱਤਾ ਹੈ। ਇਸ ਘਟਨਾ ਤੋਂ ਬਾਅਦ ਨੇਪਾਲ ਰੈੱਡ ਕਰਾਸ ਨੇ ਐਮਰਜੈਂਸੀ ਪ੍ਰਤੀਕਿਰਿਆ ਟੀਮਾਂ ਨੂੰ ਸਰਗਰਮ ਕੀਤਾ ਹੈ ਅਤੇ ਰਾਹਤ ਅਤੇ ਬਚਾਅ ਕਾਰਜਾਂ ਲਈ ਵਲੰਟੀਅਰਾਂ ਨੂੰ ਲਾਮਬੰਦ ਕੀਤਾ ਹੈ। ਇੰਟਰਨੈਸ਼ਨਲ ਫੈਡਰੇਸ਼ਨ ਆਫ਼ ਦ ਰੈੱਡ ਕਰਾਸ ਸਥਿਤੀ ਦੀ ਲਗਾਤਾਰ ਨਿਗਰਾਨੀ ਕਰ ਰਿਹਾ ਹੈ ਅਤੇ ਲੋੜ ਪੈਣ ’ਤੇ ਰਾਹਤ ਕਾਰਜਾਂ ਵਿੱਚ ਸਹਾਇਤਾ ਕਰਨ ਲਈ ਤਿਆਰ ਹੈ। ਲੋਕਾਂ ਨੂੰ ਚੌਕਸ ਰਹਿਣ, ਨਦੀਆਂ ਅਤੇ ਨੀਵੇਂ ਇਲਾਕਿਆਂ ਤੋਂ ਦੂਰ ਰਹਿਣ ਅਤੇ ਪ੍ਰਸ਼ਾਸਨ ਦੁਆਰਾ ਜਾਰੀ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ। ਹੜ੍ਹ ਕਾਰਨ ਪਣ-ਬਿਜਲੀ ਪ੍ਰੋਜੈਕਟ ਨੂੰ ਵੀ ਨੁਕਸਾਨ ਪਹੁੰਚਿਆ ਹੈ।

## ਤੁਰੰਤ ਨਹੀਂ ਖੁੱਲ੍ਹੇਗਾ ਹੋਰਮੁਜ਼ ਸਟ੍ਰੇਟ ! 60 ਦਿਨਾਂ ’ਚ ਹੋਵੇਗੀ ਨਵੇਂ ਨੇਵੀਗੇਸ਼ਨ ਸਿਸਟਮ ਦੇ ਗੱਲਬਾਤ

**ਤਹਿਰਾਨ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਈਰਾਨ ਦੇ ਉਪ ਵਿਦੇਸ਼ ਮੰਤਰੀ (ਕਾਨੂੰਨੀ ਅਤੇ ਅੰਤਰਰਾਸ਼ਟਰੀ ਮਾਮਲੇ) ਕਾਜ਼ਮ ਗਰੀਬਾਬਾਦੀ ਨੇ ਹੋਰਮੁਜ਼ ਸਟ੍ਰੇਟ ਬਾਰੇ ਈਰਾਨ ਅਤੇ ਓਮਾਨ ਵਿਚਕਾਰ ਹੋਏ ਸਮਝੌਤੇ ਦੀ ਜਾਣਕਾਰੀ ਦਿੱਤੀ। ਨਾਲ ਹੀ ਸਪੱਸ਼ਟ ਕੀਤਾ ਕਿ ਇਸ ਸਮਝੌਤੇ ਦਾ ਮਤਲਬ ਇਹ ਨਹੀਂ ਹੈ ਕਿ ਜਲਡਮਰੂ ਤੁਰੰਤ ਖੋਲ੍ਹਿਆ ਜਾਵੇਗਾ। ਇਹ ਜਾਣਕਾਰੀ ਈਰਾਨੀ ਸਮਾਚਾਰ ਏਜੰਸੀ ਤਸਨੀਮ ਦੁਆਰਾ ਦਿੱਤੀ ਗਈ। ਗ਼ਰੀਬਾਬਾਦੀ ਦੇ ਅਨੁਸਾਰ ਓਮਾਨ ਨਾਲ ਸਮਝੌਤਾ ਅਤੇ ਹੋਰਮੁਜ਼ ਸਟ੍ਰੇਟ ਨੂੰ ਦੁਬਾਰਾ ਖੋਲ੍ਹਣਾ ਦੋ ਵੱਖ-ਵੱਖ ਮੁੱਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ 58 ਸਾਲਾਂ ਤੋਂ, ਜਹਾਜ਼ ਓਮਾਨੀ ਵਾਲੇ ਪਾਸੇ ਦੇ ਪਾਣੀਆਂ ਵਿੱਚੋਂ ਲੰਘ ਰਹੇ ਹਨ, ਜਿਸ ਨਾਲ ਈਰਾਨ ਨੂੰ ਵੱਡਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਹੋਰਮੁਜ਼ ਸਟ੍ਰੇਟ ਹੁਣ ਈਰਾਨ ਦੀ ਰਾਸ਼ਟਰੀ ਸੁਰੱਖਿਆ ਦਾ ਮਾਮਲਾ ਹੈ ਅਤੇ ਪ੍ਰਵੇਸ਼ ਅਤੇ ਨਿਕਾਸ ਮਾਰਗਾਂ ਵਿੱਚ ਬੁਨਿਆਦੀ ਬਦਲਾਅ ਜ਼ਰੂਰੀ ਹਨ।



ਦੋਵਾਂ ਦੇਸ਼ਾਂ ਵਿਚਕਾਰ ਹੋਏ ਸਮਝੌਤੇ ਦੇ ਤਹਿਤ ਫ਼ਾਰਸ ਦੀ ਖਾੜੀ ਵਿੱਚ ਦਾਖਲਾ ਰਸਤਾ ਈਰਾਨੀ ਪਾਣੀਆਂ ਵਿੱਚੋਂ ਲੰਘੇਗਾ, ਜਦੋਂ ਕਿ ਨਿਕਾਸ ਰਸਤਾ ਓਮਾਨ ਦੇ ਖੇਤਰੀ ਪਾਣੀਆਂ ਵਿੱਚੋਂ ਲੰਘੇਗਾ। ਹਾਲਾਂਕਿ ਦੋਵਾਂ ਰੂਟਾਂ ’ਤੇ ਜਹਾਜ਼ ਈਰਾਨੀ ਪਾਣੀਆਂ ਵਿੱਚੋਂ ਲੰਘਣਗੇ। ਉਪ ਵਿਦੇਸ਼ ਮੰਤਰੀ ਨੇ ਨਵੇਂ ਰੂਟ ਨੂੰ “ਦੋ-ਪਾਸੜ ਹਾਈਵੇਅ” ਦੱਸਿਆ, ਕਿਹਾ ਕਿ ਇਸਦੀ ਕੁੱਲ ਚੌੜਾਈ ਲਗਭਗ ਸੱਤ ਮੀਲ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਰੂਟ ਅਸਥਾਈ ਹੈ। ਈਰਾਨ ਅਤੇ ਓਮਾਨ ਅਗਲੇ 30 ਤੋਂ 60 ਦਿਨਾਂ ਵਿੱਚ ਇੱਕ ਸਥਾਈ ਰੂਟ ’ਤੇ ਗੱਲਬਾਤ ਕਰਨ ਦੀ ਉਮੀਦ ਕਰ ਰਹੇ ਹਨ, ਜੋ ਪਿਛਲੀ ਸਮੁੰਦਰੀ ਆਵਾਜਾਈ ਪ੍ਰਣਾਲੀ ਨੂੰ ਬਦਲ ਦੇਵੇਗਾ।

## ਅੱਜ ਪੰਜਾਬ ’ਚ ਮਹਾ ਹੜਤਾਲ; ਬੱਸਾਂ, ਸੜਕਾਂ, ਰੇਲਵੇ, ਸਕੂਲ ਬੰਦ ਰਹਿਣਗੇ ਜਾਂ ਨਹੀਂ ?

**ਚੰਡੀਗੜ੍ਹ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਸਰਕਾਰੀ ਕਰਮਚਾਰੀ ਆਪਣੀਆਂ ਮੰਗਾਂ ਲਈ ਦਬਾਅ ਪਾਉਣ ਲਈ ਕੱਲ੍ਹ ਸਮੂਹਿਕ ਹੜਤਾਲ ਕਰ ਰਹੇ ਹਨ। ਹੜਤਾਲ ਨਾਲ ਸੂਬੇ ਵਿੱਚ ਸਰਕਾਰੀ ਕੰਮਕਾਜ ਵਿੱਚ ਕਾਫ਼ੀ ਵਿਘਨ ਪੈਣ ਦੀ ਉਮੀਦ ਹੈ। ਦੱਸ ਦਈਏ ਕਿ ਇਸ ਦੌਰਾਨ ਸਰਕਾਰੀ ਅਦਾਰੇ ਬੰਦ ਰਹਿਣਗੇ। ਬੇਸ਼ਕ ਜਾਮ ਤਰ੍ਹਾਂ ਦੀ ਸਥਿਤੀ ਨਹੀਂ ਹੋਵੇਗੀ ਪਰ ਬੱਸਾਂ ਦਾ ਸਫਰ ਕਰਨ ਵਾਲਿਆਂ ਨੂੰ ਵੀ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

* ਸਾਰੇ ਸਰਕਾਰੀ ਦਫ਼ਤਰ ਬੰਦ ਰਹਿਣਗੇ
* ਸਰਕਾਰੀ ਹਸਪਤਾਲਾਂ ਵਿੱਚ ਓਪੀਡੀ ਸੇਵਾਵਾਂ ਬੰਦ ਰਹਿਣਗੀਆਂ
* ਐਮਰਜੈਂਸੀ ਸੇਵਾਵਾਂ ਚਾਲੂ ਰਹਿਣਗੀਆਂ
* ਪੀਆਰਟੀਸੀ ਅਤੇ ਪੈਪਸੂ ਬੱਸ ਸੇਵਾਵਾਂ ਮੁਅੱਤਲ ਰਹਿਣਗੀਆਂ
* ਪ੍ਰਾਈਵੇਟ ਬੱਸਾਂ ਚੱਲਣਗੀਆਂ
* ਬਾਜ਼ਾਰ ਖੁੱਲ੍ਹੇ ਰਹਿਣਗੇ
* ਸੜਕੀ ਆਵਾਜਾਈ ਆਮ ਵਾਂਗ ਜਾਰੀ ਰਹੇਗੀ

ਸਮੂਹਕ ਹੜਤਾਲ ਕਾਰਨ ਸਰਕਾਰੀ ਸੇਵਾਵਾਂ ਪ੍ਰਭਾਵਿਤ ਹੋਣਗੀਆਂ, ਹਾਲਾਂਕਿ ਐਮਰਜੈਂਸੀ ਸਿਹਤ ਸੇਵਾਵਾਂ ਜਾਰੀ ਰਹਿਣਗੀਆਂ, ਅਤੇ ਨਿੱਜੀ ਬੱਸਾਂ ਦੇ ਨਾਲ-ਨਾਲ ਬਾਜ਼ਾਰ ਖੁੱਲ੍ਹੇ ਰਹਿਣਗੇ। 27 ਅਗਸਤ ਨੂੰ ਸਰਕਾਰੀ ਮੁਲਾਜ਼ਮਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਮੀਟਿੰਗ ਰੱਖੀ ਗਈ ਹੈ। ਇਸ ਮੀਟਿੰਗ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ’ਤੇ ਵਿਚਾਰ ਚਰਚਾ ਕੀਤੀ ਜਾਵੇਗੀ। ਇਹ ਮੀਟਿੰਗ ਜਲੰਧਰ ’ਚ ਰੱਖੀ ਗਈ ਹੈ ਪਹਿਲਾ ਇਹ ਮੀਟਿੰਗ ਚੰਡੀਗੜ੍ਹ ਦੇ ਪੰਜਾਬ ਭਵਨ ’ਚ ਰੱਖੀ ਗਈ ਸੀ। ਇਹ ਮੀਟਿੰਗ ਜਲੰਧਰ ’ਚ 1 ਵਜੇ ਹੋਵੇਗੀ। ਮਿਲੀ ਜਾਣਕਾਰੀ ਮੁਤਾਬਿਕ 27 ਅਗਸਤ ਨੂੰ ਹੋਣ ਵਾਲੇ ਇਸ ਬੰਦ ਦੌਰਾਨ ਸੜਕਾਂ ਤੇ ਬਾਜ਼ਾਰਾਂ ਨੂੰ ਬੰਦ ਨਹੀਂ ਕੀਤਾ ਜਾਵੇਗਾ। ਸਿਰਫ ਸਰਕਾਰੀ ਦਫਤਰ ਦੇ ਅੰਦਰ ਪੱਕੇ ਅਤੇ ਠੇਕਾ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਕੀਤੀ ਜਾਵੇਗੀ ਅਤੇ ਉਨ੍ਹਾਂ ਵੱਲੋਂ ਕੋਈ ਵੀ ਕੰਮ ਨਹੀਂ ਕੀਤਾ ਜਾਵੇਗਾ। ਹਾਲਾਂਕਿ ਇਸ ਦੌਰਾਨ ਕਿਸੇ ਵੀ ਤਰ੍ਹਾਂ ਦਾ ਸਰਕਾਰੀ ਕੰਮ ’ਚ ਰੁਕਾਵਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਸੀਪੀਐਫ ਕਰਮਚਾਰੀ ਯੂਨੀਅਨ ਪੰਜਾਬ ਪ੍ਰਧਾਨ ਸੁਖਜੀਤ ਸਿੰਘ ਡਿੰਪੀ ਨੇ ਕਿਹਾ ਕਿ 27 ਅਗਸਤ ਨੂੰ ਪੰਜਾਬ ਮਹਾ ਬੰਦ ਦਾ ਸੱਦਾ ਦਿੱਤਾ ਗਿਆ ਹੈ। ਇਸ ਦੌਰਾਨ ਆਮ ਲੋਕਾਂ ’ਚ ਕਈ ਤਰ੍ਹਾਂ ਦੇ ਸਵਾਲ ਦਿਮਾਗ ’ਚ ਆ ਰਹੇ ਹਨ। ਪਰ ਉਨ੍ਹਾਂ ਨੇ ਇਸ ਗੱਲ ’ਤੇ ਸਪਸ਼ਟ ਕਰਦੇ ਹੋਏ ਕਿਹਾ ਕਿ ਮੁਲਾਜ਼ਮਾਂ ਵੱਲੋਂ ਕੀਤੇ ਜਾ ਰਹੇ ਬੰਦ ਦੌਰਾਨ ਕਿਸੇ ਵੀ ਤਰ੍ਹਾਂ ਨਾਲ ਆਮ ਲੋਕਾਂ ਨੂੰ ਪਰੇਸ਼ਾਨ ਨਹੀਂ ਕੀਤਾ ਜਾਵੇਗਾ। ਇਸ ਬੰਦ ’ਚ ਸੜਕਾਂ ਜਾਂ ਬਾਜ਼ਾਰਾਂ ਨੂੰ ਬੰਦ ਨਹੀਂ ਕੀਤਾ ਜਾਵੇਗਾ। ਇਸ ਦੌਰਾਨ ਸਰਕਾਰੀ ਮੁਲਾਜ਼ਮ ਚਾਹੇ ਉਹ ਡਾਕਟਰ ਹੋਣ, ਡਰਾਈਵਰ ਹੋਣ, ਦਫਤਰ ’ਚ ਕੰਮ ਕਰਨ ਵਾਲੇ ਹੋਣ ਜਾਂ ਫੇਰ ਦਰਜਾ ਚਾਰ ਦੇ ਮੁਲਾਜ਼ਮ ਹੋਣ ਇਨ੍ਹਾਂ ਸਾਰਿਆਂ ਵੱਲੋਂ ਸਮੂਹਿਕ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਪਰ ਇਸ ਬੰਦ ਦੌਰਾਨ ਨਾ ਹੀ ਹਾਈਵੇਅ ਬੰਦ ਹੋਣਗੇ ਨਾ ਹੀ ਸੜਕਾਂ ਬੰਦ ਹੋਣਗੀਆਂ। ਆਗੂਆਂ ਨੇ ਇਹ ਵੀ ਦੱਸਿਆ ਕਿ 27 ਅਗਸਤ ਨੂੰ ਸੀਐੱਮ ਭਗਵੰਤ ਮਾਨ ਨਾਲ ਮੀਟਿੰਗ ਸੱਦੀ ਗਈ ਹੈ। ਪੰਜਾਬ ਦੇ ਸਰਕਾਰੀ ਅਦਾਰਾ, ਯੂਨੀਵਰਸਿਟੀ, ਕਾਲਜ ਬੰਦ ਰੱਖੇ ਜਾਣਗੇ ਅਤੇ ਆਪਣੀ ਆਵਾਜ਼ ਨੂੰ ਸੀਐੱਮ ਮਾਨ ਤੱਕ ਪਹੁੰਚਾਇਆ ਜਾਵੇਗਾ।

## ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਵਿਸ਼ਵ ਭਰ ਦੀ ਸਿੱਖ ਸੰਗਤ ਨੂੰ ਬੰਦੀ ਸਿੰਘਾਂ ਦੀ ਚੜ੍ਹਦੀਕਲਾ ਤੇ ਰਿਹਾਈ ਲਈ 29 ਅਗਸਤ ਨੂੰ ਅਰਦਾਸ ਕਰਨ ਦੀ ਅਪੀਲ

**ਨਵੀਂ ਦਿੱਲੀ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਸ਼ੇਸ਼ ਅਪੀਲ ਜਾਰੀ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 29 ਅਗਸਤ ਨੂੰ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਜੋ ਅਰਦਾਸ ਦਾ ਸਮਾਗਮ ਉਲੀਕਿਆ ਹੈ ਉਸ ਤਹਿਤ ਦੇਸ਼ ਦੁਨੀਆ ਦੀ ਸਮੂਹ ਸਿੱਖ ਸੰਗਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੀ ਜ਼ਰੂਰ ਆਪੋ ਆਪਣੇ ਥਾਵਾਂ ਉੱਤੇ ਵੀ ਅਰਦਾਸ ਕਰਨ ਉਨ੍ਹਾਂ ਕਿਹਾ ਕਿ ਜਦੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿੱਚ ਨਜ਼ਰਬੰਦ ਸਨ ਤਾਂ ਉਸ ਸਮੇਂ ਬਾਬਾ ਬੁੱਢਾ ਸਾਹਿਬ ਜੀ ਅਤੇ ਭਾਈ ਗੁਰਦਾਸ ਜੀ ਨੇ ਸ਼ਬਦ ਚੌਂਕੀਆਂ ਕੱਢੀਆਂ ਸਨ, ਜਿਸ ਨਾਲ ਕੌਮ ’ਚ ਚੜ੍ਹਦੀ ਕਲਾ ਆਈ ਸੀ। ਉਸ ਵੇਲੇ ਵੀ ਸਿੱਖਾਂ ਨੇ ਸ਼ਬਦ ਗੁਰੂ ਦਾ ਆਸਰਾ ਲਿਆ ਸੀ ਅਤੇ ਅੱਜ ਵੀ ਸਿੱਖਾਂ ਨੂੰ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਹੀ ਆਸਰਾ ਹੈ। ਉਨ੍ਹਾਂ ਕਿਹਾ ਕਿ ਵਿਸ਼ਵ ਭਰ ਦੀ ਸਿੱਖ ਸੰਗਤ ਨੇ ਇਸੇ ਇਤਿਹਾਸ ਦੀ ਸੇਧ ਵਿੱਚ 29 ਅਗਸਤ ਨੂੰ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਬੰਦੀ ਸਿੰਘਾਂ ਦੀ ਚੜ੍ਹਦੀਕਲਾ ਤੇ ਰਿਹਾਈ ਲਈ



ਅਰਦਾਸ ਜ਼ਰੂਰ ਕਰਨੀ ਹੈ। ਉਨ੍ਹਾਂ ਕਿਹਾ ਕਿ ਸਿੱਖੀ ਅੰਦਰ ਅਰਦਾਸ ਦੇ ਸੰਕਲਪ ਵਿੱਚ ਬਹੁਤ ਸ਼ਕਤੀ ਹੈ ਅਤੇ ਗੁਰੂ ਸਾਹਿਬ ਦੇ ਸਨਮੁਖ ਪੂਰਨ ਭਰੋਸੇ ਤਹਿਤ ਕੀਤੀ ਗਈ ਅਰਦਾਸ ਜ਼ਰੂਰ ਸਫ਼ਲ ਹੁੰਦੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਬੰਦੀ ਸਿੰਘ ਪਿਛਲੇ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ’ਚ ਨਜ਼ਰਬੰਦ ਹਨ ਅਤੇ ਸਰਕਾਰਾਂ ਵੱਲੋਂ ਵਿਤਕਰੇ ਭਰੀ ਨੀਤੀ ਅਤੇ ਦੋਹਰੇ ਮਾਪਦੰਡਾਂ ਤਹਿਤ ਸਿੱਖਾਂ ਦੇ ਮਨੁੱਖੀ ਅਧਿਕਾਰਾਂ ਦਾ ਘਾਣ ਕੀਤਾ ਜਾ ਰਿਹਾ ਹੈ, ਜਿਸ ਵਿਰੁੱਧ ਸਮੁੱਚੀ ਸਿੱਖ ਕੌਮ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਇਕਜੁੱਟ ਹੋ ਕੇ ਵਿਸ਼ਵ ਪੱਧਰ ’ਤੇ ਅਵਾਜ਼ ਉਠਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਲੀਕੇ ਗਏ ਸਮਾਗਮਾਂ ਤਹਿਤ 27 ਅਗਸਤ ਨੂੰ ਸਮੂਹ ਗੁਰਦੁਆਰਾ ਸਾਹਿਬਾਨ ਅੰਦਰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਅਤੇ 29 ਅਗਸਤ ਨੂੰ ਭੋਗ ਉਪਰੰਤ ਬੰਦੀ ਸਿੰਘਾਂ ਲਈ ਅਰਦਾਸ ਬੇਨਤੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਸ਼੍ਰੋਮਣੀ ਕਮੇਟੀ ਤੋਂ ਇਲਾਵਾ ਬਾਕੀ ਗੁਰਦੁਆਰਾ ਸਾਹਿਬਾਨ ਵੀ ਇਸੇ ਤਰਜ ’ਤੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਕੇ 29 ਅਗਸਤ ਨੂੰ ਅਰਦਾਸ ਸਮਾਗਮ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਨਹੀਂ ਕਰਵਾਏ ਜਾ ਸਕਦੇ ਤਾਂ ਹਰ ਗੁਰਦੁਆਰਾ ਸਾਹਿਬ ਅੰਦਰ ਗੁਰਬਾਣੀ ਦਾ ਜਾਪ ਕਰਨ ਉਪਰੰਤ 29 ਅਗਸਤ ਨੂੰ ਬੰਦੀ ਸਿੰਘਾਂ ਲਈ ਅਰਦਾਸ ਬੇਨਤੀ ਜ਼ਰੂਰ ਹੋਵੇ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਹ ਤਾਕੀਦ ਵੀ ਕੀਤੀ ਕਿ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕ 29 ਅਗਸਤ ਨੂੰ ਬੰਦੀ ਸਿੰਘਾਂ ਲਈ ਅਰਦਾਸ ਸਮਾਗਮ ਦੀ ਵੀਡੀਓ ਰਿਕਾਰਡ ਕਰਕੇ ਸੋਸ਼ਲ ਮੀਡੀਆ ਅਤੇ ਹੋਰ ਮੀਡੀਆ ਮੰਚਾਂ ’ਤੇ ਵੀ ਜ਼ਰੂਰ ਪਾਉਣ ਤਾਂ ਜੋ ਨਜ਼ਰਬੰਦ ਸਿੱਖਾਂ ਦੇ ਹੱਕਾਂ ਲਈ ਵੱਧ ਤੋਂ ਵੱਧ ਅਵਾਜ਼ ਬੁਲੰਦ ਹੋ ਸਕੇ।

## ਏ. ਸੀ. ਬਲਾਸਟ ਹੋਣ ਕਾਰਨ ਹਸਪਤਾਲ ’ਚ ਲੱਗੀ ਭਿਆਨਕ ਅੱਗ, 15 ਨਵਜੰਮੇ ਬੱਚਿਆਂ ਦੀ ਦਰਦਨਾਕ ਮੌਤ



**ਇਸਲਾਮਾਬਾਦ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਦੇ ਇੱਕ ਸਰਕਾਰੀ ਹਸਪਤਾਲ ਦੇ ਗਾਇਨੀਕੋਲੋਜੀ ਵਿਭਾਗ ਵਿੱਚ ਲੱਗੀ ਅੱਗ ਵਿੱਚ ਪੰਦਰਾਂ ਨਵਜੰਮੇ ਬੱਚਿਆਂ ਦੀ ਦੁਖਦਾਈ ਮੌਤ ਹੋ ਗਈ। ਰਿਪੋਰਟਾਂ ਅਨੁਸਾਰ, ਇਹ ਹਾਦਸਾ ਸਵੇਰੇ 7 ਵਜੇ ਦੇ ਕਰੀਬ ਉਦੋਂ ਵਾਪਰਿਆ ਜਦੋਂ ਪਾਕਿਸਤਾਨ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਵਿੱਚ ਇੱਕ ਏਅਰ ਕੰਡੀਸ਼ਨਰ ਕੰਪ੍ਰੈਸਰ ਫਟ ਗਿਆ। ਧਮਾਕੇ ਨੇ ਤੇਜ਼ੀ ਨਾਲ ਅੱਗ ਫੈਲਾ ਦਿੱਤੀ ਅਤੇ ਨਰਸਰੀ ਜ਼ਿਹਰੀਲੇ ਧੂੰਏਂ ਨਾਲ ਭਰ ਗਈ। ਹਸਪਤਾਲ ਵਿੱਚ ਮੌਜੂਦ ਸਿਰਫ਼ ਇੱਕ ਬੱਚੇ ਨੂੰ ਬਚਾਇਆ ਜਾ ਸਕਿਆ। ਪਿਮਸ ਪ੍ਰਸ਼ਾਸਨ ਦੇ ਅਧਿਕਾਰੀਆਂ ਦੇ ਅਨੁਸਾਰ, ਹਾਦਸੇ ਸਮੇਂ ਕੁੱਲ 16 ਨਵਜੰਮੇ ਬੱਚਿਆਂ ਨੂੰ ਦਾਖਲ ਕਰਵਾਇਆ ਗਿਆ ਸੀ। ਬਚਾਅ ਟੀਮਾਂ ਦੁਆਰਾ ਬਚਾਅ ਕਾਰਜਾਂ ਦੇ ਬਾਵਜੂਦ, ਸਿਰਫ਼ ਇੱਕ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ, ਜਦਕਿ ਬਾਕੀ 15 ਬੱਚਿਆਂ ਦੀ ਮੌਤ ਹੋ ਗਈ। ਅੱਗ ਬੁਝਾਊ ਅਤੇ ਐਮਰਜੈਂਸੀ ਬਚਾਅ ਟੀਮਾਂ ਮੌਕੇ ’ਤੇ ਪਹੁੰਚੀਆਂ ਅਤੇ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ, ਅੱਗ ’ਤੇ ਕਾਬੂ ਪਾਇਆ ਅਤੇ ਪ੍ਰਭਾਵਿਤ ਵਾਰਡ ਵਿੱਚ ਕੂਲਿੰਗ ਆਪਰੇਸ਼ਨ ਸ਼ੁਰੂ ਕਰ ਦਿੱਤੇ। ਪਿਮਸ ਦੀ ਬੁਲਾਰਨ ਡਾ. ਅਨੀਜ਼ਾ ਜਲੀਲ ਨੇ ਪਾਕਿਸਤਾਨੀ ਅਖਬਾਰ ਡਾਨ ਨੂੰ ਦੱਸਿਆ ਕਿ ਵਾਰਡ ਵਿੱਚ 16 ਬੱਚੇ ਸਨ। ਘਟਨਾ ਦੇ ਕਾਰਨ ਬਾਰੇ ਪੁੱਛੇ ਜਾਣ ’ਤੇ, ਉਨ੍ਹਾਂ ਕਿਹਾ ਕਿ ਇਹ ਸ਼ਾਰਟ ਸਰਕਟ ਜਾਪਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇੱਕ ਡਾਕਟਰ ਨੇ ਇੱਕ ਬੱਚੇ ਨੂੰ ਬਚਾਇਆ। ਪ੍ਰਸ਼ਾਸਨ ਨੇ ਕਿਹਾ ਕਿ ਘਟਨਾ ਦੀ ਜਾਂਚ ਲਈ ਵਧੀਕ ਡਿਪਟੀ ਕਮਿਸ਼ਨਰ ਜਨਰਲ ਦੀ ਅਗਵਾਈ ਵਿੱਚ ਇੱਕ ਜਾਂਚ ਕਮੇਟੀ ਬਣਾਈ ਗਈ ਹੈ। ਪਿਮਸ, 1985 ਵਿੱਚ ਸਥਾਪਿਤ, ਇਸਲਾਮਾਬਾਦ ਦਾ ਸਭ ਤੋਂ ਵੱਡਾ ਅਤੇ ਦੂਜਾ ਸਭ ਤੋਂ ਪੁਰਾਣਾ ਸਰਕਾਰੀ ਹਸਪਤਾਲ ਹੈ।

### ਸ੍ਰ: ਸੁਰਜੀਤ ਸਿੰਘ ਜੜ੍ਹ ਦੇ ਭੋਗ ਅਤੇ ਅੰਤਿਮ ਅਰਦਾਸ ਮੌਕੇ

# ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ






ਜਗਰਾਉਂ (ਵਰਿਆਮ ਹਠੂਰ)-ਸ੍ਰ: ਸੁਰਜੀਤ ਸਿੰਘ ਜੜ੍ਹ ਪਿੰਡ ਬੁਰਜ ਕਲਾਰਾ ਜੋ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਨਮਿੱਤ ਪ੍ਰਕਾਸ਼ ਕਰਵਾਏ ਸ੍ਰੀ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਜਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ ਕਲਾਰਾ ਵਿਖੇ ਸਸ਼ੋਭਿਤ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਹੋਈ। ਭੋਗ ਅਤੇ ਅੰਤਿਮ ਅਰਦਾਸ ਸਮਾਗਮ ਵਿੱਚ ਦੂਰੋਂ ਨੇੜਿਉਂ ਵੱਖ-ਵੱਖ ਰਿਸਤੇਦਾਰ ਮਿੱਤਰ, ਨਗਰ ਨਿਵਾਸੀ, ਧਾਰਮਿਕ ਅਤੇ ਰਾਜਨੀਤਕ ਸਖ਼ਸੀਅਤਾਂ ਨੇ ਆਪਣੀ ਹਾਜਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਭਾਈ ਗੁਰਪ੍ਰੀਤ ਸਿੰਘ ਬੁਰਜ ਕਲਾਰਾ ਦੇ ਕੀਰਤਨੀ ਜੱਥੇ ਨੇ ਸ਼ਬਦ ਕੀਰਤਨ ਰਾਹੀਂ ਆਪਣੀ ਹਾਜਰੀ ਭਰੀ ਤੇ ਇਕੱਤਰ ਸੰਗਤਾਂ ਨੂੰ ਸਬਦ ਕੀਰਤਨ ਰਾਹੀਂ ਨਿਹਾਲ ਕੀਤਾ, ਇਸ ਮੌਕੇ ਸਾਬਕਾ ਸਰਪੰਚ ਦਲਜਿੰਦਰ ਸਿੰਘ ਪੱਪੂ ਪੰਧੇਰ ਅਤੇ ਰਾਗੀ ਭਾਈ ਗੁਰਪ੍ਰੀਤ ਸਿੰਘ ਨੇ ਮਰਹੂਮ ਸ੍ਰ: ਸੁਰਜੀਤ ਸਿੰਘ ਜੜ੍ਹ ਦੇ ਜੀਵਨ ਪ੍ਰਤੀ ਇਕੱਤਰ ਗੁਰਸੰਗਤਾਂ ਨੂੰ ਚਾਨਣਾ ਪਾਇਆ, ਸਾਬਕਾ ਸਰਪੰਚ ਦਲਜਿੰਦਰ ਸਿੰਘ ਪੱਪੂ ਪੰਧੇਰ, ਸਾਬਕਾ ਐੱਮ ਐੱਲ ਏ ਸ੍ਰੀ ਐੱਸ ਆਰ ਕਲੇਰ, ਸਤਨਾਮ ਸਿੰਘ ਰਾਹੀਂ ਹਲਕਾ ਇੰਚਾਰਜ ਭਦੌੜ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕਲਾਰਾ, ਸ੍ਰੋਮਣੀ ਅਕਾਲੀ ਦਲ ਦੇ ਸਰਕਲ ਜਥੇਦਾਰ ਰਣਧੀਰ ਸਿੰਘ ਚਕਰ, ਲੇਖਕ ਅਤੇ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਸਮੇਤ ਵੱਖ-ਵੱਖ ਸ਼ਖਸੀਅਤਾਂ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਅੰਤ ਵਿੱਚ ਮਰਹੂਮ ਸ੍ਰ: ਸੁਰਜੀਤ ਸਿੰਘ ਜੜ੍ਹ ਦੇ ਪੁੱਤਰ ਸਰਦਾਰ ਬੇਅੰਤ ਸਿੰਘ ਅਤੇ ਸਤਨਾਮ ਸਿੰਘ ਨੇ ਅੰਤਿਮ ਅਰਦਾਸ ਸਮਾਗਮ ਵਿੱਚ ਹਾਜਰੀਆਂ ਭਰਨ ਵਾਲੀਆਂ ਸਮੂਹ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



**ਵੱਖ-ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਵੀ ਕੀਤੀ ਸਮੂਲੀਅਤ**

### ਜੋਨਲ ਖੇਡਾਂ ਵਿੱਚ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦਾ ਸ਼ਾਨਦਾਰ ਪ੍ਰਦਰਸ਼ਨ

# ਸਕੂਲ ਸਟਾਫ ਅਤੇ ਮੈਨਜਮੈਂਟ ਨੇ ਜੇਤੂ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ




ਬਿਲਾਸਪੁਰ/ਮੋਗਾ (ਵਰਿਆਮ ਹਠੂਰ) ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦਾ ਜੋਨਲ ਖੇਡਾਂ ਵਿੱਚ ਪ੍ਰਦਰਸ਼ਨ ਬਹੁਤ ਹੀ ਸ਼ਾਨਦਾਰ ਰਿਹਾ, ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਧਾਨ ਅਤੇ ਸਮਾਜ ਸੇਵੀ ਚਰਨ ਸਿੰਘ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਫੁੱਟਬਾਲ ਖੇਡ ਦੀ ਗੱਲ ਕੀਤੀ ਜਾਵੇ ਤਾਂ ਅੰਡਰ 14 ਮੁੰਡਿਆਂ ਦੀ ਟੀਮ ਨੇ ਪਹਿਲਾਂ ਸਥਾਨ ਤੇ ਅੰਡਰ 17 ਅਤੇ 19 ਮੁੰਡਿਆ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਉਧਰ ਫੁੱਟਬਾਲ ਲੜਕੀਆਂ ਦੀ ਟੀਮ ਨੇ ਅੰਡਰ 19 ਕੈਟਾਗਰੀ ਵਿੱਚ ਪਹਿਲਾ ਅੰਡਰ 14 ਲੜਕੀਆਂ ਦੀ ਟੀਮ ਨੇ ਦੂਸਰਾ ਤੇ ਅੰਡਰ 17 ਲੜਕੀਆਂ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਕ੍ਰਿਕਟ ਖੇਡ ਦੀ ਗੱਲ ਕੀਤੀ ਜਾਵੇ ਤਾਂ ਅੰਡਰ 19 ਮੁੰਡਿਆਂ ਦੀ ਟੀਮ ਨੇ ਪਹਿਲਾਂ ਸਥਾਨ ਪ੍ਰਾਪਤ ਕਰਕੇ ਜ਼ਿਲਾ ਪੱਧਰ ਤੇ ਆਪਣਾ ਸਥਾਨ ਬਣਾਇਆ ਸਾਨੂ ਸਾਡੇ ਸਕੂਲ ਦੇ ਹੋਣਹਾਰ ਖਿਡਾਰੀਆਂ ਤੇ ਮਾਣ ਹੈ। ਅੰਤ ਵਿੱਚ ਖਿਡਾਰੀਆਂ ਦੇ ਇਸ ਪ੍ਰਦਰਸ਼ਨ ਤੇ ਸਕੂਲ ਪ੍ਰਧਾਨ ਅਤੇ ਸਮਾਜ ਸੇਵੀ ਸ੍ਰ: ਚਰਨ ਸਿੰਘ, ਸਕੂਲ ਚੇਅਰਮੈੱਨ ਯੋਗਿੰਦਰ ਪ੍ਰਸਾਦ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੁਆਏ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਖਿਡਾਰੀਆਂ ਤੇ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਫ ਕਿਤਾਬੀ ਕੀੜੇ ਹੀ ਬਣਾਉਣਾ ਨਹੀਂ ਹੈ ਸਗੋਂ ਉਹਨਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ। ਤੇ ਸਾਡੇ ਸਕੂਲ ਦਾ ਮਿਹਨਤੀ ਸਟਾਫ ਬੱਚਿਆਂ ਦਾ ਭਵਿੱਖ ਉਜਵਲ ਬਣਾਉਣ ਲਈ ਲਗਾਤਾਰ ਸਖਤ ਮਿਹਨਤ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੋਸ਼ਲ ਮੀਡੀਆ, ਸਾਹਿਤਕਾਰ ਔਰਤਾਂ ਅਤੇ ਸਮਾਜਿਕ ਮਾਨਸਿਕਤਾ



ਅੱਜ ਦੇ ਡਿਜੀਟਲ ਯੁੱਗ ਵਿੱਚ ਫੇਸਬੁੱਕ ਅਤੇ ਮੈਸੇਂਜਰ ਵਰਗੇ ਸੋਸ਼ਲ ਮੀਡੀਆ ਮੰਚ ਵਿਚਾਰਾਂ ਦੇ ਆਦਾਨ-ਪ੍ਰਦਾਨ ਦਾ ਇੱਕ ਵੱਡਾ ਜ਼ਰੀਆ ਬਣ ਚੁੱਕੇ ਹਨ। ਪਰ ਇਸ ਦਾ ਦੂਜਾ ਪੱਖ ਇਹ ਹੈ ਕਿ ਇਹ ਮੰਚ ਔਰਤਾਂ ਲਈ ਅਕਸਰ ਅਸੁਰੱਖਿਅਤ ਅਤੇ ਪ੍ਰੇਸ਼ਾਨੀ ਦਾ ਸਬੱਬ ਬਣ ਰਹੇ ਹਨ। ਇਹ ਗੱਲ ਬਿਲਕੁਲ ਸੱਚ ਹੈ ਕਿ ਫੇਸਬੁੱਕ 'ਤੇ ਔਰਤਾਂ ਨੂੰ ਅਣਚਾਹੇ ਮੈਸੇਜਾਂ ਅਤੇ ਮਾਨਸਿਕ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਮੱਸਿਆ ਦਾ ਸਭ ਤੋਂ ਦੁਖਦ ਪੱਖ ਇਹ ਹੈ ਕਿ ਸਾਹਿਤ, ਗਜ਼ਲਾਂ ਅਤੇ ਕਵਿਤਾਵਾਂ ਲਿਖਣ ਵਾਲੀਆਂ ਔਰਤਾਂ ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਜਾਂਦਾ ਹੈ, ਜੋ ਅੱਗੇ ਚੱਲ ਕੇ ਉਨ੍ਹਾਂ ਦੇ ਪਰਿਵਾਰਕ ਜੀਵਨ ਵਿੱਚ ਕਲੇਸ਼ ਦਾ ਕਾਰਨ ਵੀ ਬਣਦਾ ਹੈ।



**ਸਾਹਿਤਕਾਰ ਔਰਤਾਂ ਉੱਤੇ ਨਿਸ਼ਾਨਾ ਅਤੇ ਬਿਮਾਰ ਮਾਨਸਿਕਤਾ**-ਜਦੋਂ ਕੋਈ ਔਰਤ ਆਪਣੀ ਸੰਵੇਦਨਸ਼ੀਲਤਾ, ਸਮਾਜਿਕ ਸਰੋਕਾਰਾਂ, ਜਾਂ ਮੁਹੱਬਤ ਅਤੇ ਦਰਦ ਨੂੰ ਕਵਿਤਾ ਜਾਂ ਗਜ਼ਲ ਦੇ ਰੂਪ ਵਿੱਚ ਲਿਖ ਕੇ ਸੋਸ਼ਲ ਮੀਡੀਆ 'ਤੇ ਸਾਂਝੀ ਕਰਦੀ ਹੈ, ਤਾਂ ਸੋੜੀ ਸੋਚ ਵਾਲੇ ਕਈ ਪੁਰਸ਼ ਉਸ ਦੀ ਕਲਮ ਨੂੰ ਉਸ ਦੀ ਨਿੱਜੀ ਜ਼ਿੰਦਗੀ ਨਾਲ ਜੋੜ ਕੇ ਦੇਖਣ ਲੱਗ ਪੈਂਦੇ ਹਨ। ਅਜਿਹੇ ਮਰਦ ਇਹ ਸਮਝਣ ਤੋਂ ਅਸਮਰੱਥ ਹੁੰਦੇ ਹਨ ਕਿ ਸ਼ਾਇਰੀ ਅਤੇ ਸਾਹਿਤਕ ਰਚਨਾਵਾਂ ਕਲਪਨਾ, ਸਮਾਜਿਕ ਅਨੁਭਵਾਂ ਅਤੇ ਕਲਾਤਮਕ ਅਭਿਵਿਅਕਤੀ ਦਾ ਹਿੱਸਾ ਹੁੰਦੀਆਂ ਹਨ, ਨਾ ਕਿ ਲੇਖਿਕਾ ਦਾ ਨਿੱਜੀ ਸੱਦਾ।

ਆਵਾਜ਼ਿ ਕੌਮ AWAZE QAUM International Newspaper & WEB TV

ਅਜਿਹੇ ਅਨਸਰ ਮੈਸੇਂਜਰ ਉੱਤੇ ਅਣਚਾਹੇ ਮੈਸੇਜ ਭੇਜ ਕੇ, ਅਸ਼ਲੀਲ ਤਾਰੀਫ਼ਾਂ ਕਰਕੇ, ਜਾਂ ਨਿੱਜੀ ਸਬੰਧ ਬਣਾਉਣ ਦੀਆਂ ਗਲਤ ਕੋਸ਼ਿਸ਼ਾਂ ਕਰਕੇ ਲੇਖਿਕਾਵਾਂ ਨੂੰ ਪ੍ਰੇਸ਼ਾਨ ਕਰਦੇ ਹਨ। ਜੇਕਰ ਕੋਈ ਲੇਖਿਕਾ ਇਨ੍ਹਾਂ ਮੈਸੇਜਾਂ ਦਾ ਜਵਾਬ ਨਹੀਂ ਦਿੰਦੀ ਜਾਂ ਉਨ੍ਹਾਂ ਨੂੰ ਬਲਾਕ ਕਰਦੀ ਹੈ, ਤਾਂ ਅਜਿਹੇ ਬੀਮਾਰ ਮਾਨਸਿਕਤਾ ਵਾਲੇ ਲੋਕ ਨਕਲੀ ਆਈਡੀਜ਼ ਬਣਾ ਕੇ ਉਨ੍ਹਾਂ ਦੀਆਂ ਪੋਸਟਾਂ ਹੇਠ ਗਲਤ ਟਿੱਪਣੀਆਂ ਕਰਨੀਆਂ ਸ਼ੁਰੂ ਕਰ ਦਿੰਦੇ ਹਨ।

**ਘਰੇਲੂ ਕਲੇਸ਼ ਅਤੇ ਮਾਨਸਿਕ ਸ਼ੋਸ਼ਣ**-ਇਸ ਸੋੜੀ ਸੋਚ ਦਾ ਸਭ ਤੋਂ ਮਾੜਾ ਅਸਰ ਲੇਖਿਕਾਵਾਂ ਦੇ ਘਰੇਲੂ ਜੀਵਨ 'ਤੇ ਪੈਂਦਾ ਹੈ। ਸਾਡੇ ਸਮਾਜ ਵਿੱਚ ਅਜੇ ਵੀ ਔਰਤਾਂ ਦੀ ਆਜ਼ਾਦੀ ਅਤੇ ਸ਼ਾਇਰੀ ਨੂੰ ਸ਼ੱਕ ਦੀ ਨਜ਼ਰ ਨਾਲ ਦੇਖਿਆ ਜਾਂਦਾ ਹੈ। ਜਦੋਂ ਕਿਸੇ ਲੇਖਿਕਾ ਦੀ ਪੋਸਟ ਹੇਠ ਕੋਈ ਮਰਦ ਅਣਚਾਹੀ ਜਾਂ ਭੱਦੀ ਟਿੱਪਣੀ ਕਰਦਾ ਹੈ, ਜਾਂ ਮੈਸੇਂਜਰ 'ਤੇ ਲਗਾਤਾਰ ਮੈਸੇਜ ਭੇਜਦਾ ਹੈ, ਤਾਂ ਪਰਿਵਾਰਕ ਜੀਵਨ ਵਿੱਚ ਅਵਿਸ਼ਵਾਸ ਦਾ ਮਾਹੌਲ ਪੈਦਾ ਹੋ ਜਾਂਦਾ ਹੈ।

ਬਹੁਤ ਸਾਰੇ ਪਰਿਵਾਰਾਂ ਵਿੱਚ ਔਰਤਾਂ ਦੀ ਹੀ ਨੀਅਤ 'ਤੇ ਸ਼ੱਕ ਕੀਤਾ ਜਾਣ ਲੱਗਦਾ ਹੈ। ਲੇਖਿਕਾਵਾਂ ਨੂੰ ਆਪਣੇ ਹੀ ਘਰਾਂ ਵਿੱਚ ਤਾਹਨੇ-ਮਿਹਣੇ ਸੁਣਨੇ ਪੈਂਦੇ ਹਨ ਅਤੇ ਉਨ੍ਹਾਂ ਤੋਂ ਜਵਾਬਦੇਹੀ ਮੰਗੀ ਜਾਂਦੀ ਹੈ। ਅਜਿਹੇ ਕਲੇਸ਼ਾਂ ਤੋਂ ਤੰਗ ਆ ਕੇ ਕਈ ਹੋਣਹਾਰ ਅਤੇ ਸੰਵੇਦਨਸ਼ੀਲ ਲੇਖਿਕਾਵਾਂ ਆਪਣੀ ਕਲਮ ਤੋੜਨ ਲਈ ਮਜ਼ਬੂਰ ਹੋ ਜਾਂਦੀਆਂ ਹਨ ਜਾਂ ਸੋਸ਼ਲ ਮੀਡੀਆ ਤੋਂ ਦੂਰ ਹੋ ਜਾਂਦੀਆਂ ਹਨ। ਇਹ ਨਾ ਸਿਰਫ਼ ਉਨ੍ਹਾਂ ਦੀ ਕਲਾ ਦੀ ਮੌਤ ਹੈ, ਬਲਕਿ ਸਮੁੱਚੇ ਸਾਹਿਤ ਜਗਤ ਲਈ ਵੀ ਇੱਕ ਵੱਡਾ ਘਾਟਾ ਹੈ।

**ਸਮਾਜਿਕ ਮਾਨਸਿਕਤਾ ਅਤੇ ਅਪਰਾਧੀਆਂ ਦੀ ਬੇਖੌਫੀ**-ਇਸ ਸਮੱਸਿਆ ਦੀ ਜੜ੍ਹ ਸਾਡੇ ਸਮਾਜ ਦੀ ਪੁਰਸ਼-ਪ੍ਰਧਾਨ ਅਤੇ ਸੰਕੁਚਿਤ ਮਾਨਸਿਕਤਾ ਵਿੱਚ ਹੈ। ਕਈ ਪੁਰਸ਼ਾਂ ਨੂੰ ਲੱਗਦਾ ਹੈ ਕਿ ਸੋਸ਼ਲ ਮੀਡੀਆ 'ਤੇ ਮੌਜੂਦ ਅਤੇ ਖੁੱਲ੍ਹ ਕੇ ਲਿਖਣ ਵਾਲੀ ਔਰਤ ਉਪਲਬਧ ਹੈ। ਇੰਟਰਨੈੱਟ ਦੀ ਅਗਿਆਤਤਾ ਅਪਰਾਧੀਆਂ ਨੂੰ ਇੱਕ ਬੇਖੌਫ ਮਾਹੌਲ ਦਿੰਦੀ ਹੈ, ਜਿਸ ਕਾਰਨ ਉਹ ਪਰਦੇ ਦੇ ਪਿੱਛੇ ਛੁਪ ਕੇ ਕਿਸੇ ਵੀ ਔਰਤ ਦੇ ਚਰਿੱਤਰ ਉੱਤੇ ਉਂਗਲ ਚੁੱਕਣ ਤੋਂ ਨਹੀਂ ਝਿਜਕਦੇ।

**ਹੱਲ ਅਤੇ ਸੁਝਾਅ**-ਪਰਿਵਾਰਕ ਸਹਿਯੋਗ: ਸਮਾਜ ਅਤੇ ਪਰਿਵਾਰਾਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਸਾਹਿਤਕ ਰਚਨਾਵਾਂ ਕਲਾ ਦਾ ਰੂਪ ਹਨ। ਕਿਸੇ ਅਣਜਾਣ ਵਿਅਕਤੀ ਦੀ ਗਲਤ ਹਰਕਤ ਲਈ ਲੇਖਿਕਾ ਨੂੰ ਦੋਸ਼ੀ ਠਹਿਰਾਉਣ ਦੀ ਬਜਾਏ ਪਰਿਵਾਰ ਨੂੰ ਉਸ ਦਾ ਸਾਥ ਦੇਣਾ ਚਾਹੀਦਾ ਹੈ।

ਸਾਈਬਰ ਕਾਨੂੰਨਾਂ ਦੀ ਵਰਤੋਂ: ਲੇਖਿਕਾਵਾਂ ਨੂੰ ਅਜਿਹੇ ਸੋੜੀ ਸੋਚ ਵਾਲੇ ਲੋਕਾਂ ਦੀਆਂ ਧਮਕੀਆਂ ਜਾਂ ਬਲੈਕਮੇਲਿੰਗ ਤੋਂ ਡਰਨ ਦੀ ਬਜਾਏ ਸਾਈਬਰ ਕ੍ਰਾਈਮ ਸੈੱਲ ਵਿੱਚ ਤੁਰੰਤ ਸ਼ਿਕਾਇਤ ਦਰਜ ਕਰਵਾਉਣੀ ਚਾਹੀਦੀ ਹੈ।

ਤਕਨੀਕੀ ਸੁਰੱਖਿਆ: ਫੇਸਬੁੱਕ ਦੀਆਂ ਪ੍ਰਾਈਵੇਸੀ ਸੈਟਿੰਗਾਂ, ਪ੍ਰੋਫਾਈਲ ਲੌਕ, ਅਤੇ ਮੈਸੇਜ ਰਿਕੁਐਸਟ ਵਰਗੇ ਫੀਚਰਾਂ ਦਾ ਸਮਝਦਾਰੀ ਨਾਲ ਇਸਤੇਮਾਲ ਕੀਤਾ ਜਾਵੇ। ਅਣਜਾਣ ਅਤੇ ਸ਼ੱਕੀ ਲੋਕਾਂ ਨੂੰ ਆਪਣੀ ਫ੍ਰੈਂਡ ਲਿਸਟ ਵਿੱਚ ਸ਼ਾਮਲ ਨਾ ਕੀਤਾ ਜਾਵੇ।

ਟੈਕਨਾਲੋਜੀ ਕੰਪਨੀਆਂ ਦੀ ਜ਼ਿੰਮੇਵਾਰੀ: ਮੈਟਾ (ਫੇਸਬੁੱਕ) ਨੂੰ ਅਜਿਹੇ ਅਕਾਊਂਟਾਂ ਵਿਰੁੱਧ ਸਖ਼ਤ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ ਜੋ ਔਰਤਾਂ ਨੂੰ ਤੰਗ-ਪ੍ਰੇਸ਼ਾਨ ਕਰਦੇ ਹਨ।

ਕਲਮ ਅਤੇ ਸਾਹਿਤ ਕਿਸੇ ਵੀ ਸਮਾਜ ਦਾ ਸ਼ੀਸ਼ਾ ਹੁੰਦੇ ਹਨ। ਜੇਕਰ ਅਸੀਂ ਆਪਣੀਆਂ ਔਰਤਾਂ ਨੂੰ ਲਿਖਣ ਅਤੇ ਆਪਣੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਨਹੀਂ ਦੇ ਸਕਦੇ, ਤਾਂ ਅਸੀਂ ਇੱਕ ਆਧੁਨਿਕ ਸਮਾਜ ਅਖਵਾਉਣ ਦੇ ਹੱਕਦਾਰ ਨਹੀਂ ਹਾਂ। ਫੇਸਬੁੱਕ ਮੈਸੇਂਜਰ 'ਤੇ ਲੇਖਿਕਾਵਾਂ ਨੂੰ ਨਿਸ਼ਾਨਾ ਬਣਾਉਣਾ ਅਤੇ ਉਨ੍ਹਾਂ ਦੇ ਘਰਾਂ ਵਿੱਚ ਕਲੇਸ਼ ਦਾ ਕਾਰਨ ਬਣਨਾ ਇੱਕ ਗੰਭੀਰ ਸਮਾਜਿਕ ਅਪਰਾਧ ਹੈ। ਇਸ ਨੂੰ ਰੋਕਣ ਲਈ ਸਿਰਫ਼ ਕਾਨੂੰਨ ਹੀ ਨਹੀਂ, ਬਲਕਿ ਸਾਡੇ ਸਮਾਜ ਦੀ ਸੋਚ ਵਿੱਚ ਬਦਲਾਅ ਅਤੇ ਔਰਤਾਂ ਦੀ ਕਲਾ ਦਾ ਸਤਿਕਾਰ ਕਰਨਾ ਸਭ ਤੋਂ ਵੱਧ ਜ਼ਰੂਰੀ ਹੈ।

**-ਜਸਵੰਤ ਗਰੇਵਾਲ ਜੱਸ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243








ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 70 ਵੀਆਂ ਜੋਨ ਲੈਵਲ ਦੀਆਂ ਕੁੜੀਆਂ ਤੇ ਮੁੰਡਿਆਂ ਦੀਆਂ ਕਰਵਾਈਆਂ ਗਈਆਂ

# ਅਥਲੈਟਿਕਸ ਖੇਡਾਂ 'ਚ ਸੇਂਟ ਸੋਲਜਰ ਦੇ ਖਿਡਾਰੀਆਂ ਦੀ ਹੂੰਝਾ ਫੇਰ ਜਿੱਤ




ਜੰਡਿਆਲਾ ਗੁਰੂ 26 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 70 ਵੀਆਂ ਜੋਨ ਲੈਵਲ ਦੀਆਂ ਕੁੜੀਆਂ ਅਤੇ ਮੁੰਡਿਆਂ ਦੀਆਂ ਅਥਲੈਟਿਕਸ ਦੀਆਂ ਪੰਜਾਬ ਖੇਡਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੰਡਾਲਾ ਦੀ ਗਰਾਊਂਡ ਵਿੱਚ ਕਰਵਾਈਆਂ ਗਈਆਂ। ਇਹਨਾਂ ਖੇਡਾਂ ਵਿੱਚ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਖਿਡਾਰੀਆਂ ਨੇ 19 ਗੋਲਡ, 19 ਸਿਲਵਰ ਅਤੇ 11 ਬਰੋਨਜ਼ ਮੈਡਲ ਹਾਸਿਲ ਕਰਕੇ ਹੂੰਝਾ ਫੇਰ ਜਿੱਤਾਂ ਪ੍ਰਾਪਤ ਕੀਤੀਆਂ। ਕੁੜੀਆਂ ਦੇ ਮੁਕਾਬਲਿਆਂ ਵਿੱਚ ਅੰਡਰ 14 ਕੈਟੇਗਰੀ ਵਿੱਚ ਅਨਮੋਲਪ੍ਰੀਤ ਕੌਰ ਸ਼ੌਰਟ ਪੁਟ ਤੀਸਰੀ ਪੁਜੀਸ਼ਨ, ਅਤੇ ਅਨਮੋਲ ਪ੍ਰੀਤ ਕੌਰ ਨੇ ਡਿਸਕਸ ਥਰੋ ਵਿੱਚ ਦੂਸਰੀ ਪੁਜੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਰਿਲੇ 4*100 ਮੀਟਰ ਰੇਸ ਵਿੱਚ ਨਵਦੀਪ ਕੌਰ ,ਸੀਰਤ ਕੌਰ ਸੁਖਮੀਨ ਕੌਰ ਅਤੇ ਨਵਰੀਤ ਕੌਰ ਨੇ ਤੀਸਰੀ ਪਜੀਸ਼ਨ ਹਾਸਿਲ ਕੀਤੀ ਅੰਡਰ 17 ਕੈਟਾਗਰੀ ਵਿੱਚ ਕਮਲਪ੍ਰੀਤ ਕੌਰ 100 ਮੀਟਰ ਰੇਸ ਪਹਿਲੀ ਪੁਜੀਸ਼ਨ , ਕੋਮਲਪ੍ਰੀਤ ਕੌਰ 100 ਮੀਟਰ ਰੇਸ ਦੂਸਰੀ ਪੁਜੀਸ਼ਨ, ਕੋਮਲਪ੍ਰੀਤ ਕੌਰ 200 ਮੀਟਰ ਪਹਿਲੀ ਪਜੀਸ਼ਨ ਮਨਦੀਪ ਕੌਰ 200 ਮੀਟਰ ਦੂਸਰੀ ਪੁਜੀਸ਼ਨ ਮਨਦੀਪ ਕੌਰ 400 ਮੀਟਰ ਪਹਿਲੀ ਪੋਜੀਸ਼ਨ ,ਇਬਾਦਤ ਕੌਰ ਡਿਸਕਸ ਥਰੋ ਪਹਿਲੀ ਪੋਜੀਸ਼ਨ, ਇਬਾਦਤ ਕੌਰ ਜੈਵਲਿਨ ਪਹਿਲੀ ਪੁਜੀਸ਼ਨ, ਖੁਸ਼ਮਨ ਪ੍ਰੀਤ ਕੌਰ ਜੈਵਲੀਨ ਦੂਸਰੀ ਪੋਜੀਸ਼ਨ, ਕੋਮਲਪ੍ਰੀਤ ਕੌਰ ਟਰਿਪਲ ਜੰਪ ਦੂਸਰੀ ਪੁਜੀਸ਼ਨ ,ਮਨਰੀਤ ਕੌਰ 800 ਮੀਟਰ ਪਹਿਲੀ ਪੁਜੀਸ਼ਨ, ਹਰਸਿਮਰਤ ਕੌਰ 1500 ਮੀਟਰ ਦੂਸਰੀ ਪੋਜੀਸ਼ਨ ਅਤੇ ਰਿਲੇ 400 ਮੀਟਰ ਰੇਸ ਵਿਚ ਕੋਮਲਪ੍ਰੀਤ ਕੌਰ ਮਨਦੀਪ ਕੌਰ, ਸੁਖਲੀਨ ਕੌਰ ਅਤੇ ਕੋਮਲਪ੍ਰੀਤ ਕੌਰ ਨੇ ਪਹਿਲੀ ਪੁਜੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਅੰਡਰ 19 ਦੇ ਮੁਕਾਬਲਿਆਂ ਵਿੱਚ ਚੇਤਨ ਜੋਤ ਕੌਰ ਨੇ 400 ਮੀਟਰ ਅਤੇ 100 ਮੀਟਰ ਵਿੱਚ ਪਹਿਲਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ। ਸਮਰੀਨ ਕੌਰ 200 ਮੀਟਰ ਦੂਸਰੀ ਪੁਜੀਸ਼ਨ ਲਵਲੀਨ ਕੌਰ ਸ਼ੌਰਟ ਪੁੱਟ ਅਤੇ ਡਿਸਕਸ ਥਰੋ ਪਹਿਲੀ ਪਜੀਸ਼ਨ ਪਰਨੀਤ ਕੌਰ 1500 ਮੀਟਰ ਦੂਸਰੀ ਪੁਜੀਸ਼ਨ, ਪਾਰਸ ਜੀਤ ਕੌਰ ਨੇ ਜੈਵਲੇਨ ਥਰੋਂ ਵਿੱਚ ਪਹਿਲੀ ਪੁਜੀਸ਼ਨ ਹਾਸਿਲ ਕੀਤੀ। ਰਿਲੇ 4*100 ਮੀਟਰ ਰੇਸ ਵਿੱਚ ਸਮਰੀਨ ਕੌਰ, ਚੇਤਨਜੋਤ ਕੌਰ, ਮੁਸਕਾਨਦੀਪ ਕੌਰ ਅਤੇ ਸੁਖਮਨਪ੍ਰੀਤ ਕੌਰ ਨੇ ਦੂਸਰੀ ਪੁਜੀਸ਼ਨ ਹਾਸਿਲ ਕੀਤੀ। ਇਸੇ ਤਰ੍ਹਾਂ ਰਿਲੇ 4*400 ਮੀਟਰ ਰੇਸ ਵਿੱਚ ਚੇਤਨਜੋਤ ਕੌਰ, ਸਮਰੀਨ ਕੌਰ ਪਰਨੀਤ ਕੌਰ ਅਤੇ ਮੁਸਕਾਨਦੀਪ ਕੌਰ ਨੇ ਪਹਿਲੀ ਪੁਜੀਸ਼ਨ ਹਾਸਿਲ ਕੀਤੀ।। ਇਸੇ ਤਰ੍ਹਾਂ ਲੜਕਿਆਂ ਦੇ ਅਥਲੈਟਿਕਸ ਮੁਕਾਬਲਿਆਂ ਵਿੱਚ ਅੰਡਰ 14 ਕੈਟਾਗਰੀ ਵਿੱਚ ਗੁਰਨੂਰ ਸਿੰਘ 100 ਮੀਟਰ ਰੇਸ ਪਹਿਲੀ ਪੁਜੀਸ਼ਨ, ਗੁਰਸਾਹਿਬ ਸਿੰਘ 200 ਮੀਟਰ ਦੂਸਰੀ ਪੁਜੀਸ਼ਨ, ਹਰਿਕੀਰਤਿ ਸਿੰਘ 400 ਮੀਟਰ ਦੂਸਰੀ ਪੋਜੀਸ਼ਨ, ਹਰਕੀਰਤ ਸਿੰਘ 600 ਮੀਟਰ ਚੌਥੀ ਪੁਜੀਸ਼ਨ ਅਤੇ ਰਿਲੇ 4*100 ਮੀਟਰ ਰੇਸ ਵਿੱਚ ਗੁਰਨੂਰ ਸਿੰਘ ਪਥਬੀਰ ਸਿੰਘ ਹਰਕੀਰਤ ਸਿੰਘ ਅਤੇ ਗੁਰਸਾਹਿਬ ਸਿੰਘ ਨੇ ਦੂਸਰੀ ਪਟੀਸ਼ਨ ਹਾਸਲ ਕੀਤੀ। ਅੰਡਰ 17 ਕੈਟੇਗਰੀ ਵਿੱਚ ਜੁਗਰਾਜ ਸਿੰਘ 400 ਮੀਟਰ ਦੂਸਰੀ ਪੁਜੀਸ਼ਨ ਇਸ਼ਮੀਤ ਸਿੰਘ 1500 ਮੀਟਰ ਦੂਸਰੀ ਪੁਜੀਸ਼ਨ, ਜੁਗਰਾਜ ਸਿੰਘ 200 ਮੀਟਰ ਤੀਸਰੀ ਪਜੀਸ਼ਨ, ਇਸ਼ਮੀਤ ਸਿੰਘ 800 ਮੀਟਰ ਤੀਸਰੀ ਪੋਜੀਸ਼ਨ ਅਤੇ ਰਿਲੇ 4*400 ਮੀਟਰ ਰੇਸ ਵਿੱਚ ਜੁਗਰਾਜ ਸਿੰਘ, ਇਸ਼ਮੀਤ ਸਿੰਘ, ਲਵਿਸ਼ ਅਤੇ ਤਨਵੀਰ ਸਿੰਘ ਨੇ ਦੂਸਰੀ ਪੁਜੀਸ਼ਨ ਹਾਸਿਲ ਕੀਤੀ। ਸ਼ਿਹਬਾਜ ਸਿੰਘ ਨੇ ਟਰਿਪਲ ਜੰਪ ਵਿੱਚ ਤੀਸਰੀ ਪੁਜੀਸ਼ਨ ਅਤੇ ਗੁਰਵੀਰ ਸਿੰਘ ਨੇ ਡਿਸਕਸ ਥਰੋ ਵਿਚ ਤੀਸਰੀ ਪੁਜੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਅੰਡਰ 19 ਦੇ ਮੁਕਾਬਲਿਆਂ ਵਿੱਚ ਗੁਰਨੂਰ ਸਿੰਘ 400 ਮੀਟਰ ਰੇਸ ਵਿੱਚ ਤੀਸਰੀ ਪੁਜੀਸ਼ਨ ਗੁਰਨੂਰ ਸਿੰਘ 800 ਮੀਟਰ ਰੇਸ ਤੀਸਰੀ ਪੁਜੀਸ਼ਨ, ਅੰਸ਼ਪ੍ਰੀਤ ਸਿੰਘ ਸ਼ਾਰਟਪੁਟ ਪਹਿਲੀ ਪੁਜੀਸ਼ਨ, ਨਵਰੂਪ ਸਿੰਘ ਸ਼ਾਰਟ ਪੁੱਟ ਦੂਸਰੀ ਪੁਜੀਸ਼ਨ, ਹੈਮਰਥਰੋ ਵਿਚ ਨਵਰੂਪ ਸਿੰਘ ਨੇ ਤੀਸਰੀ ਪੁਜੀਸ਼ਨ, ਅੰਸ਼ਪ੍ਰੀਤ ਸਿੰਘ ਡਿਸਕਸ ਰੋ ਪਹਿਲੀ ਪੁਜੀਸ਼ਨ ਅਦਿਤਿਆ ਰਾਜ ਜੈਵਲਿਨ ਥਰੋ ਪਹਿਲੀ ਪਜੀਸ਼ਨ ਅਤੇ 4*400 ਰਿਲੇ ਰੇਸ ਵਿੱਚ ਗੁਰਨੂਰ ਸਿੰਘ, ਜਸਕਰਨਪ੍ਰੀਤ ਸਿੰਘ, ਜਰਮਨਜੀਤ ਸਿੰਘ ਅਤੇ ਗੁਰਨੂਰ ਸਿੰਘ ਨੇ ਦੂਸਰੀ ਪੁਜੀਸ਼ਨ ਹਾਸਿਲ ਕੀਤੀ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਨੇ ਖਿਡਾਰੀਆਂ ਦੀ ਇਸ ਸ਼ਾਨਦਾਰ ਉਪਲਬਧੀ ਤੇ ਉਹਨਾਂ ਨੂੰ ਸ਼ਾਬਾਸ਼ੀ ਤੇ ਵਧਾਈ ਦਿੱਤੀ ਅਤੇ ਉਹਨਾਂ ਦੇ ਕੋਚ ਸਾਹਿਬਾਨਾਂ ਦੀ ਮਿਹਨਤ ਨੂੰ ਵੀ ਸਰਾਹਿਆ ਅਤੇ ਅੱਗੇ ਤੋਂ ਇਸੇ ਤਰ੍ਹਾਂ ਹੋਰ ਜਜ਼ਬੇ ਨਾਲ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### 27 ਅਗਸਤ ਦੀ ਮਹਾ ਹੜਤਾਲ ਨੂੰ ਲੈ ਕੇ ਰੁਸਤਮ ਮੋਰਿੰਡਾ ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੁਆਧ ਵੱਲੋਂ ਸਪਸ਼ਟੀਕਰਨ

# ਬਾਜ਼ਾਰ ਤੇ ਆਵਾਜਾਈ ਚੱਲੇਗੀ, ਸਰਕਾਰੀ ਦ.ਫਤਰਾਂ ਵਿੱਚ ਕੰਮਕਾਜ ਰਹੇਗਾ ਬੰਦ



**ਮੋਹਾਲੀ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-27 ਅਗਸਤ 2026 ਨੂੰ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਮਹਾ ਹੜਤਾਲ ਕੀਤੀ ਜਾ ਰਹੀ ਹੈ। ਕਿਸਾਨ ਯੂਨੀਅਨ ਪੁਆਧ ਦੇ ਪ੍ਰਤੀਨਿਧੀ ਰੁਸਤਮ ਮੋਰਿੰਡਾ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਸ ਹੜਤਾਲ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੇ ਭੁਲੇਖੇ ਵਿੱਚ ਨਾ ਰਹਿਣ।

ਰੁਸਤਮ ਮੋਰਿੰਡਾ ਨੇ ਦੱਸਿਆ ਕਿ 27 ਅਗਸਤ ਨੂੰ ਆਮ ਬਾਜ਼ਾਰ, ਮਿਠਾਈਆਂ ਦੀਆਂ ਦੁਕਾਨਾਂ ਅਤੇ ਆਮ ਖਰੀਦੋ-ਫਰੋਖ਼ਤ ਬੰਦ ਕਰਨ ਦੀ ਕੋਈ ਅਪੀਲ ਨਹੀਂ ਹੈ ਅਤੇ ਸੜਕਾਂ ਵੀ ਬੰਦ ਨਹੀਂ ਕੀਤੀਆਂ ਜਾਣਗੀਆਂ। ਆਮ ਆਵਾਜਾਈ ਚੱਲਦੀ ਰਹਿਣ ਦੀ ਉਮੀਦ ਹੈ। ਹਾਲਾਂਕਿ ਸਰਕਾਰੀ ਦ.ਫਤਰਾਂ ਵਿੱਚ ਮੁਲਾਜ਼ਮਾਂ ਦੀ ਹੜਤਾਲ ਕਾਰਨ ਕੰਮਕਾਜ ਪ੍ਰਭਾਵਿਤ ਰਹੇਗਾ।

**ਕਿਹੜੇ ਵਿਭਾਗ ਪ੍ਰਭਾਵਿਤ ਰਹਿਣਗੇ ?**

ਹੜਤਾਲ ਵਿੱਚ ਡੀ.ਸੀ. ਦ.ਫਤਰ, ਐੱਸ.ਡੀ.ਐੱਮ. ਦ.ਫਤਰ, ਤਹਿਸੀਲਾਂ, ਰੈਵਨਿਊ ਵਿਭਾਗ, ਟਰਾਂਸਪੋਰਟ ਵਿਭਾਗ ਸਮੇਤ ਵੱਖ-ਵੱਖ ਸਰਕਾਰੀ ਦ.ਫਤਰਾਂ ਦੇ ਮੁਲਾਜ਼ਮ ਸ਼ਾਮਲ ਹੋਣਗੇ। ਸਿਹਤ ਵਿਭਾਗ, ਸਕੂਲਾਂ ਅਤੇ ਕਾਲਜਾਂ ਦੇ ਸਟਾ.ਫ ਅਤੇ ਪੈਨਸ਼ਨਰਾਂ ਵੱਲੋਂ ਵੀ ਹੜਤਾਲ ਨੂੰ ਸਮਰਥਨ ਦਿੱਤਾ ਜਾ ਰਿਹਾ ਹੈ।

**ਮੁਲਾਜ਼ਮਾਂ ਦੀਆਂ ਮੁੱਖ ਮੰਗਾਂ**

ਰੁਸਤਮ ਮੋਰਿੰਡਾ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ:

18 .ਫੀਸਦੀ ਬਕਾਇਆ 41 ਦੀਆਂ ਕਿਸ਼ਤਾਂ ਅਤੇ ਏਰੀਅਰ ਜਾਰੀ ਕਰਨਾ।

ਪੁਰਾਣੀ ਪੈਨਸ਼ਨ ਸਕੀਮ ਮੁੜ ਲਾਗੂ ਕਰਨਾ।

ਕੱਚੇ, ਕਾਂਟ੍ਰੈਕਟ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕਰਨਾ।

17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਪੰਜਾਬ ਦੇ ਪੂਰੇ Pay Scales ਦੇਣਾ।

ACP ਸਕੀਮ ਬਹਾਲ ਕਰਨਾ।

Rural Allowance ਸਮੇਤ ਬੰਦ ਕੀਤੇ ਭੱਤੇ ਮੁੜ ਬਹਾਲ ਕਰਨਾ।

6ਵੇਂ ਪੇ ਕਮਿਸ਼ਨ ਦੇ ਬਕਾਏ ਜਾਰੀ ਕਰਨਾ।

Mid-Day Meal, ASHA ਅਤੇ Anganwadi ਵਰਕਰਾਂ ਲਈ ਘੱਟੋ-ਘੱਟ ਤਨਖ਼ਾਹ ਲਾਗੂ ਕਰਨਾ।

Cashless Health Scheme ਅਤੇ Medical Allowance ਵਿੱਚ ਵਾਧਾ ਕਰਨਾ। ਇਨ੍ਹਾਂ ਮੰਗਾਂ ਵਿੱਚੋਂ 18% DA, OPS, ਕੱਚੇ ਮੁਲਾਜ਼ਮਾਂ ਦੀ ਰੈਗੂਲਰਾਈਜ਼ੇਸ਼ਨ, ACP ਅਤੇ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੇ ਸਕੇਲ ਮੁੱਖ ਮੁੱਦੇ ਵਜੋਂ ਸਾਹਮਣੇ ਆ ਰਹੇ ਹਨ। ਰੁਸਤਮ ਮੋਰਿੰਡਾ ਨੇ ਕਿਹਾ ਕਿ ਰੱਖੜੀ ਦੇ ਤਿਉਹਾਰ ਕਾਰਨ ਪੰਜਾਬ ਤੋਂ ਬਾਹਰ ਜਾਂ ਆਪਣੇ ਪਿੰਡਾਂ-ਸ਼ਹਿਰਾਂ ਨੂੰ ਜਾਣ ਵਾਲੇ ਲੋਕ ਬੇਲੋੜੇ ਭੁਲੇਖੇ ਵਿੱਚ ਨਾ ਰਹਿਣ। 27 ਅਗਸਤ ਦੀ ਇਹ ਹੜਤਾਲ ਮੁੱਖ ਤੌਰ 'ਤੇ ਸਰਕਾਰੀ ਕੰਮਕਾਜ ਨੂੰ ਪ੍ਰਭਾਵਿਤ ਕਰਨ ਲਈ ਹੈ, ਆਮ ਲੋਕਾਂ ਦੇ ਬਾਜ਼ਾਰ ਬੰਦ ਕਰਵਾਉਣ ਜਾਂ ਸੜਕਾਂ ਰੋਕਣ ਲਈ ਨਹੀਂ। ਕਿਸਾਨ ਯੂਨੀਅਨ ਪੁਆਧ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਸਮਰਥਨ ਕਰਦੀ ਹੈ ਅਤੇ ਸਰਕਾਰ ਨੂੰ ਅਪੀਲ ਹੈ ਕਿ ਗੱਲਬਾਤ ਰਾਹੀਂ ਮਸਲੇ ਦਾ ਜਲਦ ਹੱਲ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰੂਪ ਰਾਣੀ ਗਵਰਨਮੈਂਟ ਗਰਲਜ਼ ਕਾਲਜ ਅੰਮ੍ਰਿਤਸਰ ਵਿਖੇ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਪੌਦਾਰੋਪਣ ਮੁਹਿੰਮ ਆਯੋਜਿਤ:- ਇੰਜ ਦਲਜੀਤ ਸਿੰਘ ਕੋਹਲੀ



**ਚੌਕ ਮਹਿਤਾ,25 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅਮ੍ਰਿਤਸਰ ਹਰਿਆਵਲ ਮੰਚ ਦੇ ਪ੍ਰਧਾਨ ਇੰਜ ਦਲਜੀਤ ਸਿੰਘ ਕੋਹਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਤਾਵਰਣ ਸੰਭਾਲ ਅਤੇ ਹਰਿਆਵਲ ਵਧਾਉਣ ਦੇ ਉਦੇਸ਼ ਨਾਲ ਅੱਜ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਸਰੂਪ ਰਾਣੀ ਗਵਰਨਮੈਂਟ ਗਰਲਜ਼ ਕਾਲਜ, ਅੰਮ੍ਰਿਤਸਰ ਵਿੱਚ ਪੌਦਾਰੋਪਣ ਮੁਹਿੰਮ ਚਲਾਈ ਗਈ। ਇਸ ਦੌਰਾਨ ਬੇਲ ਪੱਤਰ, ਕਿੱਕਰ, ਮੌਲਸਰੀ, ਅੰਜੀਰ, ਜਟਰੋਫਾ, ਇਮਲੀ ਅਤੇ ਪੁੱਤਰ ਜੀਵਾ ਆਦਿ ਦੇ ਪੌਦੇ ਲਗਾਏ ਗਏ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਮੈਡਮ ਕਿਰਨਜੀਤ ਕੌਰ ਬੱਲ, ਮੈਡਮ ਮੀਨਾ ਬੱਗਾ, ਮੈਡਮ ਰੂਚੀ ਸ਼ਰਮਾ, ਰਵਿੰਦਰਜੀਤ ਕੌਰ, ਕੋਮਲ ਰੋਹੇਲਾ, ਮੈਡੀਕਲ ਵਿਭਾਗ ਦੀਆਂ ਵਿਦਿਆਰਥਣਾਂ ਅਤੇ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਡਾ. ਨਿਰਮਲ ਸਿੰਘ ਆਨੰਦ ਸੀਨੀ ਮੀਤ ਪ੍ਰਧਾਨ, ਸ੍ਰੀ ਅਵਤਾਰ ਸਿੰਘ ਬੁੱਟਰ, ਇੰਜੀ. ਜਤਿੰਦਰ ਲਖਨਪਾਲ, ਸ੍ਰੀ ਕਿਰਪਾਲ ਸਿੰਘ ਬੱਬਰ, ਵਿਨੇ ਕੁਮਾਰ ਅਤੇ ਸ੍ਰੀ ਮਨਦੀਪ ਸਿੰਘ ਹਾਜ਼ਰ ਸਨ। ਅੰਮ੍ਰਿਤਸਰ ਹਰਿਆਵਲ ਮੰਚ ਦੇ ਪ੍ਰਧਾਨ ਇੰਜੀ. ਦਲਜੀਤ ਸਿੰਘ ਕੋਹਲੀ ਨੇ ਵਿਦਿਆਰਥਣਾਂ ਅਤੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੇ ਜੀਵਨ ਦੇ ਮਹੱਤਵਪੂਰਨ ਮੌਕਿਆਂ 'ਤੇ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਰੁੱਖ ਲਗਾ ਕੇ ਹੀ ਆਲਮੀ ਜਲਵਾਯੂ ਤਬਦੀਲੀ ਦੇ ਪ੍ਰਭਾਵਾਂ ਨੂੰ ਘਟਾਇਆ ਜਾ ਸਕਦਾ ਹੈ ਅਤੇ ਪ੍ਰਦੂਸ਼ਿਤ ਵਾਤਾਵਰਣ ਵਿੱਚ ਸੁਧਾਰ ਲਿਆਂਦਾ ਜਾ ਸਕਦਾ ਹੈ। ਮੈਡਮ ਕਿਰਨਜੀਤ ਕੌਰ ਬੱਲ ਨੇ ਅੰਮ੍ਰਿਤਸਰ ਹਰਿਆਵਲ ਮੰਚ ਦੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਿੱਖਿਆਦਾਇਕ ਪੁਸਤਕਾਂ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਇੰਜੀ. ਜਤਿੰਦਰ ਲਖਨਪਾਲ ਅਤੇ ਸ੍ਰੀ ਕਿਰਪਾਲ ਸਿੰਘ ਬੱਬਰ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਲਈ ਸਮਾਜ ਦੇ ਹਰ ਵਰਗ ਨੂੰ ਮਿਲ ਕੇ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਡਾ. ਨਿਰਮਲ ਸਿੰਘ ਆਨੰਦ ਅਤੇ ਸ੍ਰੀ ਅਵਤਾਰ ਸਿੰਘ ਬੁੱਟਰ ਨੇ ਪਾਣੀ ਦੀ ਸੰਭਾਲ ਅਤੇ ਬਚਤ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਦਰਤੀ ਸਰੋਤਾਂ ਦੀ ਰੱਖਿਆ ਕਰਨਾ ਸਮੇਂ ਦੀ ਮੁੱਖ ਲੋੜ ਹੈ। ਪ੍ਰੋਗਰਾਮ ਦੌਰਾਨ ਮਨਦੀਪ ਸਿੰਘ ਨੇ ਵਿਦਿਆਰਥਣਾਂ ਨੂੰ ਰੁੱਖਾਂ ਦੀ ਮਹੱਤਤਾ, ਵਾਤਾਵਰਣ ਸੰਰੱਖਣ ਅਤੇ ਪਾਣੀ ਬਚਾਉਣ ਸਬੰਧੀ ਜਾਗਰੂਕ ਵੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸਰਗਰਮੀਆਂ ਤੇਜ਼, ਵੱਖ-ਵੱਖ ਪਿੰਡਾਂ 'ਚ ਯੂਥ ਨਾਲ ਮੀਟਿੰਗਾਂ



ਤਲਵੰਡੀ ਸਾਬੋ, 26 ਅਗਸਤ (ਗੁਰਜੰਟ ਸਿੰਘ ਨਥੇਹਾ)- 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ। ਇਸੇ ਤਹਿਤ ਤਲਵੰਡੀ ਸਾਬੋ ਤੋਂ ਸੀਨੀਅਰ ਕਾਂਗਰਸੀ ਆਗੂ ਅਤੇ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਯੂਥ ਵਰਕਰਾਂ ਅਤੇ ਯੂਥ ਆਗੂਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਲਹਿਰੀ, ਤਲਵੰਡੀ ਸਾਬੋ, ਜੋਗੇਵਾਲਾ, ਫੱਤਾ ਬਾਲੂ ਅਤੇ ਸੀਂਗੋ ਆਦਿ ਪਿੰਡਾਂ ਵਿੱਚ ਪਹੁੰਚ ਕੇ ਕਾਂਗਰਸੀ ਵਰਕਰਾਂ ਅਤੇ ਨੌਜਵਾਨ ਆਗੂਆਂ ਨਾਲ ਵਿਚਾਰ-ਵਟਾਂਦਰਾ ਕੀਤਾ। ਇਨ੍ਹਾਂ ਮੀਟਿੰਗਾਂ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਅਤੇ ਪਿੰਡ ਪੱਧਰ 'ਤੇ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਯੂਥ ਕਾਂਗਰਸ ਪਾਰਟੀ ਦੀ ਤਾਕਤ ਹੈ ਅਤੇ 2027 ਦੀਆਂ ਚੋਣਾਂ ਵਿੱਚ ਨੌਜਵਾਨਾਂ ਦੀ ਭੂਮਿਕਾ ਅਹਿਮ ਰਹੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਵਰਕਰਾਂ ਨੂੰ ਹੁਣ ਤੋਂ ਹੀ ਪੂਰੀ ਸਰਗਰਮੀ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨੌਜਵਾਨਾਂ ਨਾਲ ਲਗਾਤਾਰ ਸੰਪਰਕ ਬਣਾਇਆ ਜਾਵੇਗਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸੁਝਾਅ ਪਾਰਟੀ ਦੇ ਸੀਨੀਅਰ ਆਗੂਆਂ ਤੱਕ ਪਹੁੰਚਾਏ ਜਾਣਗੇ। ਉਨ੍ਹਾਂ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਦੀ ਅਪੀਲ ਕੀਤੀ। ਮੀਟਿੰਗਾਂ ਦੌਰਾਨ ਨੌਜਵਾਨ ਆਗੂਆਂ ਅਤੇ ਵਰਕਰਾਂ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕੀਤੇ ਗਏ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਨੂੰ ਮਜ਼ਬੂਤ ਕਰਨ ਵਾਸਤੇ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਯੂਥ ਆਗੂ ਬਲਜੀਤ ਸਿੰਘ, ਯੂਥ ਆਗੂ ਗੁਰਪ੍ਰੀਤ ਸਿੰਘ ਲਹਿਰੀ, ਇਕਬਾਲ ਸਿੰਘ ਤਲਵੰਡੀ ਸਾਬੋ, ਮਨਵੀਰ ਸਿੰਘ ਜੋਗੇਵਾਲਾ, ਲਵਪ੍ਰੀਤ ਜੋਗੇਵਾਲਾ, ਮਨਿੰਦਰ ਸਿੰਘ ਫੱਤਾ ਬਾਲੂ, ਜਸ਼ਨ ਸਿੰਘ ਜੋਗੇਵਾਲਾ, ਪਰਮਿੰਦਰ ਸਿੰਘ ਜੋਗੇਵਾਲਾ, ਖੁਸ਼ਦੀਪ ਸਿੰਘ ਫੱਤਾਬਾਲੂ, ਸੰਦੀਪ ਸਿੰਘ ਫੱਤਾਬਾਲੂ, ਮਨਜੋਤ ਸਿੰਘ ਸੀਗੋ ਅਤੇ ਹੋਰ ਨੌਜਵਾਨ ਸਾਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬਲਜੀਤ ਸਿੰਘ ਸਰਾਂ ਦੀ ਅਗਵਾਈ ਹੇਠ

# ਮੁੱਖ ਮੰਤਰੀ ਦੇ ਸੁਆਗਤ ਲਈ ਕਾਫਲਾ ਰਵਾਨਾ



**ਚੌਕ ਮਹਿਤਾ, 26 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਚੰਵਿਡਾ ਦੇਵੀ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇਕ ਵਿਸ਼ਾਲ ਰੈਲੀ ਵਿੱਚ ਸ਼ਾਮਲ ਹੋਣ ਲਈ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਦੀ ਅਗਵਾਈ ਹੇਠ ਬਹੁਤ ਵੱਡਾ ਕਾਫ਼ਲਾ ਪਿੰਡ ਸਰਾਂ ਤੋਂ ਤੁਰਿਆ ਗਿਆ। ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਕ ਵਿੱਚ ਨਾਹਰੇ ਲਾ ਗਏ ਅਤੇ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਤੇ ਬਲਜੀਤ ਸਿੰਘ ਸਰਾਂ ਨੇ ਵਿਸ਼ਵਾਸ ਦਿਵਾਇਆ ਕਿ ਹੋਂਣ ਵਾਲੀਆਂ ,2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਬਹੁਤ ਵੱਡੀ ਜਿੱਤ ਪ੍ਰਾਪਤ ਕਰਾਂਗੇ ਅਤੇ ਫਿਰ ਦੁਬਾਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਸਰਕਾਰ ਬਣਾਗੇ। ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਐਮ ਐਲ ਏ ਹੋਣਗੇ। ਇਸ ਮੌਕੇ ਤੇ ਸਰਪੰਚ ਬਲਰਾਜ ਸਿੰਘ ਸਰਾਂ, ਲਵਪ੍ਰੀਤ ਸਿੰਘ ਸਰਾਂ, ਪ੍ਰਧਾਨ ਮਨਜੀਤ ਸਿੰਘ ਸਰਾਂ, ਗੁਰਮੁੱਖ ਸਿੰਘ ਸਰਾਂ, ਤਰਲੋਕ ਸਿੰਘ ਸਰਾਂ, ਪਿਸਤੌਲ ਸਿੰਘ ਸਰਾਂ ਕੁਲਦੀਪ ਸਿੰਘ ਸਰਾਂ, ਮਨਦੀਪ ਸਿੰਘ ਸਰਾਂ, ਹਰਕੀਰਤ ਸਿੰਘ ਭੁੱਲਰ, ਜਗੀਰ ਸਿੰਘ ਸਰਾਂ, ਹੀਰਾ ਸਿੰਘ ਸਰਾਂ,ਮੰਗਲ ਸਿੰਘ ਸਰਾਂ ਆਦਿ ਆਗੂ ਆਮ ਆਦਮੀ ਪਾਰਟੀ ਦੇ ਹਾਜ਼ਰ ਸਨ।

### ਲੋਕਲ ਬੱਸ ਸਟੈਂਡ ਜੰਡਿਆਲਾ ਗੁਰੂ ਵਿਖੇ

# ਫੂਡ ਵਿਭਾਗ ਦੀ ਕਾਰਵਾਈ, ਫਾਸਟ ਫੂਡ ਰੇਹੜੀਆਂ ਤੋਂ ਸੈਂਪਲ ਭਰੇ




**ਜੰਡਿਆਲਾ ਗੁਰੂ, 26 ਅਗਸਤ (ਕੁਲਵੰਤ ਸਿੰਘ ਵਿਰਦੀ )** — ਪੰਜਾਬ ਸਰਕਾਰ ਦੀਆਂ ਸਿਹਤ ਸਬੰਧੀ ਹਦਾਇਤਾਂ ਤਹਿਤ ਲੋਕਾਂ ਦੀ ਸਿਹਤ ਨਾਲ ਕਿਸੇ ਵੀ ਕਿਸਮ ਦਾ ਖਿਲਵਾੜ ਨਾ ਹੋਵੇ, ਇਸ ਮਕਸਦ ਨਾਲ ਸਿਹਤ ਵਿਭਾਗ ਵੱਲੋਂ ਜੰਡਿਆਲਾ ਗੁਰੂ ਦੇ ਲੋਕਲ ਬੱਸ ਸਟੈਂਡ ਸਥਿਤ ਫਾਸਟ ਫੂਡ ਰੇਹੜੀ ਮਾਰਕੀਟ ਵਿੱਚ ਚੈਕਿੰਗ ਕੀਤੀ ਗਈ। ਇਸ ਦੌਰਾਨ ਵੱਖ-ਵੱਖ ਰੇਹੜੀਆਂ ਤੋਂ ਫਾਸਟ ਫੂਡ ਅਤੇ ਹੋਰ ਖਾਣ-ਪੀਣ ਵਾਲੇ ਪਦਾਰਥਾਂ ਦੇ ਸੈਂਪਲ ਲੈ ਕੇ ਜਾਂਚ ਲਈ ਭੇਜਣ ਦੀ ਕਾਰਵਾਈ ਕੀਤੀ ਗਈ।ਗੱਲਬਾਤ ਦੌਰਾਨ 48® ਅੰਮ੍ਰਿਤਸਰ ਡਾ.ਮਨਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲਿਆਂ ਨੂੰ ਲੈ ਕੇ ਵਿਭਾਗ ਵੱਲੋਂ ਲਗਾਤਾਰ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਇਸੇ ਲੜੀ ਤਹਿਤ ਰੇਹੜੀਆਂ ’ਤੇ ਤਿਆਰ ਕੀਤੇ ਜਾ ਰਹੇ ਫਾਸਟ ਫੂਡ ਅਤੇ ਹੋਰ ਖਾਣ-ਪੀਣ ਵਾਲੀਆਂ ਵਸਤਾਂ ਦੀ ਜਾਂਚ ਕੀਤੀ ਜਾ ਰਹੀ ਹੈ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਖਾਣ-ਪੀਣ ਵਾਲੀ ਵਸਤੂ ਵਿੱਚ ਮਿਲਾਵਟ ਜਾਂ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਵਿਅਕਤੀ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਰੇਹੜੀ ਅਤੇ ਖਾਣ-ਪੀਣ ਵਾਲੇ ਪਦਾਰਥਾਂ ਦੇ ਵਿਕਰੇਤਾਵਾਂ ਨੂੰ ਵੀ ਹਦਾਇਤ ਕੀਤੀ ਕਿ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਖਾਣ-ਪੀਣ ਵਾਲੀਆਂ ਵਸਤਾਂ ਨੂੰ ਢੱਕ ਕੇ ਰੱਖਿਆ ਜਾਵੇ।ਸਿਹਤ ਵਿਭਾਗ ਦੀ ਟੀਮ ਵੱਲੋਂ ਚੈਕਿੰਗ ਦੌਰਾਨ ਰੇਹੜੀਆਂ ’ਤੇ ਖਾਣਾ ਤਿਆਰ ਕਰਨ ਵਾਲੇ ਸਥਾਨਾਂ ਦੀ ਸਫ਼ਾਈ, ਖਾਣ-ਪੀਣ ਵਾਲੀਆਂ ਵਸਤਾਂ ਦੀ ਗੁਣਵੱਤਾ ਅਤੇ ਸਟੋਰੇਜ ਸਬੰਧੀ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਗਿਆ। ਵਿਭਾਗ ਨੇ ਸਪੱਸ਼ਟ ਕੀਤਾ ਕਿ ਲੋਕਾਂ ਨੂੰ ਸਾਫ਼-ਸੁਥਰਾ ਅਤੇ ਮਿਆਰੀ ਖਾਣਾ ਮੁਹੱਈਆ ਕਰਵਾਉਣਾ ਹਰ ਵਿਕਰੇਤਾ ਦੀ ਜ਼ਿੰਮੇਵਾਰੀ ਹੈ।ਵਿਭਾਗੀ ਅਧਿਕਾਰੀਆਂ ਨੇ ਦੱਸਿਆ ਕਿ ਲਏ ਗਏ ਸੈਂਪਲਾਂ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਅਗਲੀ ਕਾਰਵਾਈ ਤੈਅ ਕੀਤੀ ਜਾਵੇਗੀ। ਸਿਹਤ ਵਿਭਾਗ ਦੀ ਇਸ ਕਾਰਵਾਈ ਤੋਂ ਬਾਅਦ ਫਾਸਟ ਫੂਡ ਵਿਕਰੇਤਾਵਾਂ ਵਿੱਚ ਵੀ ਹਲਚਲ ਦੇਖਣ ਨੂੰ ਮਿਲੀ।

# ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਸਰਕਾਰੀ ਰਾਸ਼ਨ ਲਾਭਪਾਤਰੀ ਅਤੇ ਡੀਪੂ ਹੋਲਡਰ ਹੋ ਰਹੇ ਨੇ ਬੇਹੱਦ ਪ੍ਰੇਸ਼ਾਨ - ਸੂਬਾ ਪ੍ਰਧਾਨ

## ਸਰਕਾਰੀ ਕਿੱਟਾ ਅਤੇ ਪਿਛਲੀ ਵਾਰ ਵੰਡੇ ਰਾਸ਼ਨ ਦਾ ਨਹੀਂ ਮਿਲੀਆਂ ਅਜੇ ਤੱਕ ਕਮਿਸ਼ਨ, ਸੰਘਰਸ਼ ਕਰਨ ਲਈ ਮਜਬੂਰ ਹੋਣਗੇ ਡੀਪੂ ਹੋਲਡਰ



**ਬਰਨਾਲ਼ਾ ( ਰਣਜੀਤ ਸਿੰਘ ਪੇਧਨੀ )**-ਅੱਜ ਕਲ ਸਰਕਾਰੀ ਰਾਸ਼ਨ ਡੀਪੂਆਂ ਤੇ ਲਾਭਪਾਤਰੀਆ ਦੀਆ ਖੂਬ ਲੰਬੀਆ ਲਾਈਨਾਂ ਲੱਗੀਆ ਹੋਇਆ ਹਨ ਅਤੇ ਰਾਜ ਸਰਕਾਰ ਦੀਆਂ ਗਲਤ ਨੀਤੀਆ ਕਾਰਨ ਲੋਕ ਅੰਤਾ ਦੀ ਗਰਮੀ ਵਿੱਚ ਪ੍ਰੇਸਾਨ ਹੋ ਰਹੇ ਹਨ ਡੀਪੂ ਹੋਲਡਰ ਲੋਕਾ ਨਾਲੋ ਵਧ ਔਖੇ ਹਨ ਇਹ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਡੀਪੂ ਹੋਲਡਰ ਯੂਨੀਅਨ ਦੇ ਸੂਬਾ ਪ੍ਰਧਾਨ ਆਲ ਇੰਡੀਆ ਐਸੋਸੀਏਸ਼ਨ ਦੇ ਵਾਈਸ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਪ੍ਰੈਸ ਨੋਟ ਜਾਰੀ ਕਰਕੇ ਦੱਸੀਆਂ ਕਿ ਭਾਰਤ ਦੇ ਸਾਰੇ ਰਾਜਾਂ ਵਿੱਚ ਹਰ ਮਹੀਨੇ ਰਾਸ਼ਨ ਵੰਡੀਆਂ ਜਾਂਦਾ ਹੈ ਸਿਰਫ ਪੰਜਾਬ ਵਿੱਚ ਤਿੰਨ ਮਹੀਨਿਆ ਦਾ ਇਕੱਠਾ ਰਾਸ਼ਨ ਵੰਡਿਆ ਜਾਂਦਾ ਹੈ ਕੇਂਦਰ ਦੀ ਗਾਇਡ ਲਾਇਨ ਮੁਤਾਬਿਕ ਇੱਕ ਮਹੀਨੇ ਦੇ ਰਾਸ਼ਨ ਲਈ ਇੱਕ ਹੀ ਪਰਚੀ ਬਾਇਓਮੈਟ੍ਰਿਕ ਕਰਨ ਉਪਰੰਤ ਨਿਕਲ਼ਦੀ ਹੈ ਤਿੰਨ ਜਾਂ ਚਾਰ ਮਹੀਨੇ ਦਾ ਰਾਸ਼ਨ ਲੈਣ ਲਈ ਉਨੀ ਵਾਰ ਹੀ ਬਾਇਓਮੈਟ੍ਰਿਕ ਕਰਕੇ ਓਨੀਆਂ ਹੀ ਪਰਚੀਆਂ ਲੈਕੇ ਲਾਭਪਾਤਰੀ ਨੂੰ ਕੁੱਲ ਕੋਟਾ ਮਿਲਦਾ ਹੈ ਜਿਸ ਕਰਕੇ ਸਾਰੇ ਲਾਭਪਾਤਰੀ ਅਤੇ ਡੀਪੂ ਹੋਲਡਰ ਤੰਗ ਪ੍ਰੇਸਾਨ ਹੋ ਰਹੇ ਹਨ ਅਤੇ ਇਕ ਲਾਭਪਾਤਰੀ ਨੂੰ ਉਸਦਾ ਬਣਦਾ ਕੋਟਾ ਦੇਣ ਲਈ ਚਾਰ ਗੁਣਾਂ ਵੱਧ ਟਾਇਮ ਲਗਦਾ ਹੈ ਇਕ ਡੀਪੂ ਹੋਲਡਰ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡ ਕੇ ਮਸਾਂ 2000-2500 ਰੁਪਏ ਕਮਿਸ਼ਨ ਮਿਲਦਾ ਹੈ ਜਿਹੜਾ ਅਜੇ ਤੱਕ ਪੰਜਾਬ ਸਰਕਾਰ ਨੇ ਪਿੱਛਲੇ ਤਿੰਨ ਮਹੀਨੇ ਦੇ ਵੰਡੇ ਰਾਸ਼ਨ ਦਾ ਕਮਿਸ਼ਨ ਡੀਪੂ ਹੋਲਡਰਾ ਨੂੰ ਨਹੀਂ ਦਿੱਤਾ ਅਤੇ ਨਾ ਹੀ ਅਜੇ ਤੱਕ ਪੰਜਾਬ ਸਰਕਾਰ ਨੇ ਲਾਭਪਾਤਰੀਆ ਨੂੰ ਵੰਡੀਆਂ ਰਾਸ਼ਨ ਕਿੱਟਾ ਦਾ ਕੋਈ ਕਮਿਸ਼ਨ ਦਿਤਾ ਏ ਅਸੀਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕਰਦੇ ਹਾਂ ਕਿ ਲੋਕਾਂ ਦੀ ਸੁਵਿਧਾ ਲਈ ਹਰ ਮਹੀਨੇ ਰਾਸ਼ਨ ਵੰਡਿਆ ਜਾਵੇ ਪੰਜਾਬ ਸਰਕਾਰ ਤੁਰੰਤ ਪਿੱਛਲੇ ਤਿੰਨ ਮਹੀਨੇ ਵੰਡੇ ਰਾਸ਼ਨ ਦਾ ਕਮਿਸ਼ਨ ਅਤੇ ਰਾਸ਼ਨ ਕਿੱਟਾ ਦਾ ਕਮਿਸ਼ਨ ਡੀਪੂ ਹੋਲਡਰਾ ਨੂੰ ਜਾਰੀ ਕਰੇ ਨਹੀਂ ਤਾਂ ਡੀਪੂ ਹੋਲਡਰਾ ਨੂੰ ਆਪਣੇ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ।

## (ਦਿਨ ਰੱਖੜੀ ਦਾ)



ਤੇਰੇ ਬਿਨ੍ਹਾਂ ਕੋਈ ਤਿਉਹਾਰ ਚੰਗਾ ਲੱਗੇ ਨਾ
ਅਮੜੀ ਦੇ ਜਾਇਆ ਵੀਰਨਾ।
ਦਿਨ ਰੱਖੜੀ ਦਾ ਆ ਗਿਆ ਦੁਬਾਰਾ
ਤੂੰ ਨਾ ਪਰ ਆਇਆ ਵੀਰਨਾ।

ਲੈਗੀ ਚਿੱਟੇ ਦੀ ਬਿਮਾਰੀ ਤੈਨੂੰ ਦੂਰ ਵੇ।
ਬਹੁਤ ਰੱਖਿਆ ਸੀ ਤੈਨੂੰ ਘੂਰ ਘੂਰ ਵੇ।
ਕੱਖ ਰਹੇ ਨਾ ਜਹਾਨ ਉੱਤੇ ਉਨ੍ਹਾਂ ਦਾ
ਨਸ਼ੇ ਤੇ ਜਿਨ੍ਹਾਂ ਲਾਇਆ ਵੀਰਨਾ।
ਦਿਨ ਰੱਖੜੀ ਦਾ ਆ ਗਿਆ ਦੁਬਾਰਾ
ਤੂੰ ਨਾ ਪਰ ਆਇਆ ਵੀਰਨਾ।

ਖਾਂਦਾ ਵੱਢ ਵੱਢ ਓਹੀ ਸੋਹਣਾ ਘਰ ਵੇ
ਭੈਣਾਂ ਵੀਰਾਂ ਬਿਨ੍ਹਾਂ ਜਿਉਂਣ ਮਰ ਮਰ ਵੇ
ਪੈਂਦਾ ਹੌਂਸਲਾ ਨਾ ਮੇਰਾ ਪੇਕੀਂ ਜਾਣ ਨੂੰ
ਚਿਹਰਾ ਕਮਲਾਇਆ ਵੀਰਨਾ।
ਦਿਨ ਰੱਖੜੀ ਦਾ ਆ ਗਿਆ ਦੁਬਾਰਾ
ਤੂੰ ਨਾ ਪਰ ਆਇਆ ਵੀਰਨਾ।

ਵੇਖ ਫ਼ੋਟੋਆਂ ਨੂੰ ਪੈਣ ਸਾਡੇ ਹੌਲ ਵੇ
ਕਾਹਤੋਂ ਜ਼ਿੰਦਗੀ ਤੂੰ ਸਮਝੀ ਮਖ਼ੌਲ ਵੇ
ਰੱਬ ਜਿੱਡਾ ਸੀ ਤੇਰੇ ਤੇ ਮਾਣ ਬਾਪ ਨੂੰ
ਤੂੰ ਮਿੱਟੀ ’ਚ ਮਿਲਾਇਆ ਵੀਰਨਾ।
ਦਿਨ ਰੱਖੜੀ ਦਾ ਆ ਗਿਆ ਦੁਬਾਰਾ
ਤੂੰ ਨਾ ਪਰ ਆਇਆ ਵੀਰਨਾ।

ਧਾਹਾਂ ਮਾਰਦੀ ਮਾਂ ਰੋ ਰੋ ਦਿਨ ਕੱਟਦੀ
ਤੇਰਾ ਨਾਮ ਗੁਰਮੇਲ ਰਹੇ ਰੱਟਦੀ
ਪਿੰਡ ਕੌਰੇਆਣਾ ਸਾਰਾ ਚੇਤੇ ਕਰਦਾ
ਤੂੰ ਕਿੱਥੇ ਡੇਰਾ ਲਾਇਆ ਵੀਰਨਾ।
ਦਿਨ ਰੱਖੜੀ ਦਾ ਆ ਗਿਆ ਦੁਬਾਰਾ
ਤੂੰ ਨਾਂ ਪਰ ਆਇਆ ਵੀਰਨਾ।

-ਗੁਰਮੇਲ ਭੱਟੀ, ਕੌਰੇਆਣਾ, ਸੰਪਰਕ: 9876684438)

### ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਲੈ ਕੇ

# ਸੂਬਾ ਕਮੇਟੀ ਦੀ ਮੀਟਿੰਗ, ਸਰਕਾਰ ਖ਼ਿਲਾਫ਼ ਰੋਸ

ਤਲਵੰਡੀ ਸਾਬੋ, 22 ਅਗਸਤ (ਗੁਰਜੰਟ ਸਿੰਘ ਨਥੇਹਾ)- ਜਾਝਰੂ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਦੀ ਸੂਬਾ ਕਮੇਟੀ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਗੀਮਾ ਰਾਣੀ ਦੀ ਅਗਵਾਈ ਹੇਠ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋਈ। ਮੀਟਿੰਗ ਵਿੱਚ ਸੂਬਾ ਕਮੇਟੀ ਦੇ ਸਮੂਹ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਪਿਛਲੀਆਂ ਮੀਟਿੰਗਾਂ ਵਿੱਚ ਵਿਚਾਰੇ ਗਏ ਮੁੱਦਿਆਂ ਦੀ ਸਮੀਖਿਆ ਕਰਨ ਦੇ ਨਾਲ-ਨਾਲ ਜਥੇਬੰਦੀ ਨੂੰ ਜ਼ਿਲ੍ਹਾ ਅਤੇ ਬਲਾਕ ਪੱਧਰ ’ਤੇ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸੂਬਾ ਕਮੇਟੀ ਦੇ ਮੈਂਬਰਾਂ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਅਤੇ ਬਲਾਕਾਂ ਵਿੱਚ ਮੀਟਿੰਗਾਂ ਕਰਕੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਉਨ੍ਹਾਂ ਦੇ ਹੱਕਾਂ ਅਤੇ ਮੰਗਾਂ ਪ੍ਰਤੀ ਲਾਮਬੰਦ ਕਰਨ ਲਈ ਕਿਹਾ ਗਿਆ। ਆਗੂਆਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਵੱਲ ਪੰਜਾਬ ਸਰਕਾਰ ਵੱਲੋਂ ਕਥਿਤ ਤੌਰ ’ਤੇ ਕੋਈ ਬਣਦਾ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਵਰਕਰਾਂ ਅਤੇ ਹੈਲਪਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।



ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਵਿਭਾਗ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਜਲਦ ਤੋਂ ਜਲਦ ਭਰਿਆ ਜਾਵੇ।ਇਸ ਦੇ ਨਾਲ ਹੀ ਐੱਨ.ਜੀ.ਓ. ਅਧੀਨ ਚੱਲ ਰਹੇ ਤਿੰਨ ਬਲਾਕਾਂ ਨੂੰ ਜਲਦੀ ਵਿਭਾਗ ਵਿੱਚ ਮਰਜ ਕੀਤਾ ਜਾਵੇ। ਆਗੂਆਂ ਨੇ ਸਰਕਾਰ ਤੋਂ ਆਪਣੇ ਵਾਅਦੇ ਮੁਤਾਬਕ ਮਾਣ-ਭੱਤਾ ਦੁੱਗਣਾ ਕਰਨ ਦੀ ਵੀ ਮੰਗ ਕੀਤੀ। ਇਸ ਤੋਂ ਇਲਾਵਾ ਸਮਾਜਿਕ ਸੁਰੱਖਿਆ ਪੈਨਸ਼ਨ ਅਤੇ ਹੋਰ ਬੁਨਿਆਦੀ ਮੰਗਾਂ ਨੂੰ ਵੀ ਤੁਰੰਤ ਪੂਰਾ ਕਰਨ ਦੀ ਮੰਗ ਕੀਤੀ ਗਈ। ਸੂਬਾ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਸਰਕਾਰ ਦਾ ਕਾਰਜਕਾਲ ਸਾਢੇ ਚਾਰ ਸਾਲ ਦੇ ਕਰੀਬ ਹੋ ਚੁੱਕਾ ਹੈ, ਪਰ ਇਸ ਦੇ ਬਾਵਜੂਦ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਾ ਰਿਹਾ। ਉਨ੍ਹਾਂ ਕਿਹਾ ਕਿ ਉਹ ਆਪਣੀਆਂ ਮੰਗਾਂ ਸਬੰਧੀ ਲਗਾਤਾਰ ਸਰਕਾਰ ਤੱਕ ਪਹੁੰਚ ਕਰ ਰਹੇ ਹਨ, ਪਰ ਉਨ੍ਹਾਂ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਦਾ ਸਮਾਂ ਨਹੀਂ ਮਿਲ ਰਿਹਾ।ਆਗੂਆਂ ਨੇ ਦੱਸਿਆ ਕਿ ਜਥੇਬੰਦੀ ਦੀ ਮੀਟਿੰਗ ਹਰਪਾਲ ਸਿੰਘ ਚੀਮਾ ਨਾਲ ਹੋ ਚੁੱਕੀ ਹੈ ਅਤੇ ਉਨ੍ਹਾਂ ਵੱਲੋਂ ਵੀ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ। ਇਸੇ ਤਰ੍ਹਾਂ ਮੁੱਖ ਮੰਤਰੀ ਦੀ ਪਤਨੀ ਨਾਲ ਵੀ ਮੁਲਾਕਾਤ ਹੋਈ, ਜਿਨ੍ਹਾਂ ਵੱਲੋਂ ਵੀ ਜਥੇਬੰਦੀ ਨੂੰ ਮੀਟਿੰਗ ਦਾ ਭਰੋਸਾ ਦਿੱਤਾ ਗਿਆ ਸੀ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਜਲਦ ਮੀਟਿੰਗ ਦਾ ਸਮਾਂ ਨਾ ਦਿੱਤਾ ਗਿਆ ਤਾਂ ਸੂਬਾ ਕਮੇਟੀ ਦੀ ਮੁੜ ਮੀਟਿੰਗ ਬੁਲਾ ਕੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਯੂਨੀਅਨ ਆਗੂਆਂ ਨੇ ਕਿਹਾ ਕਿ ਆਂਗਨਵਾੜੀ ਵਰਕਰ ਅਤੇ ਹੈਲਪਰ ਬੱਚਿਆਂ ਅਤੇ ਪਰਿਵਾਰਾਂ ਨਾਲ ਜੁੜੀਆਂ ਅਹਿਮ ਸੇਵਾਵਾਂ ਨਿਭਾ ਰਹੇ ਹਨ, ਇਸ ਲਈ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲੰਬੇ ਸਮੇਂ ਤੱਕ ਲਟਕਾਉਣਾ ਉਚਿਤ ਨਹੀਂ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੰਗਾਂ ’ਤੇ ਤੁਰੰਤ ਗੌਰ ਕਰਕੇ ਉਨ੍ਹਾਂ ਦੇ ਹੱਲ ਲਈ ਠੋਸ ਕਦਮ ਚੁੱਕੇ ਜਾਣ।ਮੀਟਿੰਗ ਵਿੱਚ ਛਿੰਦਰਪਾਲ ਕੌਰ ਭਗਤਾ, ਮੀਤ ਪ੍ਰਧਾਨ; ਬਲਜੀਤ ਕੌਰ, ਜ਼ਿਲ੍ਹਾ ਪ੍ਰਧਾਨ ਮੋਹਾਲੀ ਤੇ ਖ਼ਜ਼ਾਨਚੀ; ਸਤਵੰਤ ਕੌਰ ਤਲਵੰਡੀ, ਸਕੱਤਰ; ਜਸਵੀਰ ਕੌਰ, ਜ਼ਿਲ੍ਹਾ ਪ੍ਰਧਾਨ ਬਠਿੰਡਾ; ਜਸਵੀਰ ਕੌਰ, ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ; ਸਰਬਜੀਤ ਕੌਰ ਮਹਿਰਾਜ, ਬਲਾਕ ਪ੍ਰਧਾਨ ਫੂਲ; ਦਲਜੀਤ ਕੌਰ, ਜ਼ਿਲ੍ਹਾ ਪ੍ਰਧਾਨ ਨਵਾਂ ਸ਼ਹਿਰ; ਆਰਤੀ ਸ਼ਰਮਾ, ਬਲਾਕ ਪ੍ਰਧਾਨ ਭਗਤਾ; ਕਵਿਤਾ ਸ਼ਰਮਾ, ਬਲਾਕ ਪ੍ਰਧਾਨ ਨਵਾਂ ਸ਼ਹਿਰ; ਰਮਨਦੀਪ ਕੌਰ, ਜ਼ਿਲ੍ਹਾ ਮੀਤ ਪ੍ਰਧਾਨ; ਪਰਮਜੀਤ ਕੌਰ, ਬਲਾਕ ਪ੍ਰਧਾਨ; ਅਮਨ ਸ਼ਰਮਾ ਅਤੇ ਕੁਲਜੀਤ ਕੌਰ, ਬਲਾਕ ਪ੍ਰਧਾਨ ਮੋਰਿੰਡਾ ਸਮੇਤ ਹੋਰ ਸੂਬਾ ਕਮੇਟੀ ਮੈਂਬਰ ਹਾਜ਼ਰ ਸਨ।

### ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਨੇ

# ਬਾਬਾ ਬਕਾਲਾ ਪੰਥਕ ਕਾਨਫ਼ਰੰਸ ਵਾਲੀ ਜਗ੍ਹਾ ਦਾ ਲਿਆ ਜਾਇਜ਼ਾ



**ਅੰਮ੍ਰਿਤਸਰ, 26 ਅਗਸਤ (ਆਵਾਜ਼ਿ ਕੌਮ ਬਿਊਰੋ)-** ਬਾਬਾ ਬਕਾਲਾ ਸਾਹਿਬ ਵਿਖੇ ਹੋਣ ਜਾ ਰਹੀ ਪੰਥਕ ਕਾਨਫ਼ਰੰਸ ਨੂੰ ਲੈ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਤਿਆਰੀਆਂ ਜ਼ੋਰਾਂ 'ਤੇ ਕੀਤੀਆਂ ਜਾ ਰਹੀਆਂ ਹਨ। ਇਸ ਗੱਲ ਦੀ ਜਾਣਕਾਰੀ ਪਾਰਟੀ ਦੇ ਮੀਡੀਆ ਇੰਚਾਰਜ਼ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਇਕ ਪ੍ਰੈਸ ਨੋਟ ਰਾਹੀਂ ਸਾਂਝੀ ਕੀਤੀ ਗਈ। ਉਹਨਾਂ ਦੱਸਿਆ ਕਿ ਕਾਨਫ਼ਰੰਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਅਤੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਲੋਕਾਂ ਦੇ ਪਹੁੰਚਣ ਦੀ ਸੰਭਾਵਨਾ ਦੇ ਮੱਦੇਨਜ਼ਰ ਪ੍ਰਬੰਧਾਂ ਨੂੰ ਅੰਤਿਮ ਰੂਪ ਦੇਣ ਲਈ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਅੱਜ ਕਾਨਫ਼ਰੰਸ ਵਾਲੀ ਜਗ੍ਹਾ ਦਾ ਵਿਸ਼ੇਸ਼ ਜਾਇਜ਼ਾ ਲਿਆ ਗਿਆ। ਇਸ ਦੌਰਾਨ ਕਾਨਫ਼ਰੰਸ ਦੇ ਪ੍ਰਬੰਧਾਂ, ਸੰਗਤ ਦੀ ਆਮਦ, ਬੈਠਣ, ਪਾਰਕਿੰਗ, ਆਵਾਜਾਈ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਪ੍ਰਬੰਧਕਾਂ ਨੂੰ ਸਾਰੇ ਪ੍ਰਬੰਧ ਸਮੇਂ ਤੇ ਪੂਰੇ ਕਰਨ ਲਈ ਕਿਹਾ ਗਿਆ। ਪਾਰਟੀ ਆਗੂਆਂ ਨੇ ਕਿਹਾ ਕਿ ਬਾਬਾ ਬਕਾਲਾ ਦੀ ਧਰਤੀ 'ਤੇ ਹੋਣ ਵਾਲੀ ਇਹ ਪੰਥਕ ਕਾਨਫ਼ਰੰਸ ਪੰਥਕ ਅਤੇ ਪੰਜਾਬ ਦੇ ਮੁੱਦਿਆਂ ਪ੍ਰਤੀ ਲੋਕਾਂ ਦੀਆਂ ਭਾਵਨਾਵਾਂ ਨੂੰ ਆਵਾਜ਼ ਦੇਣ ਲਈ ਅਹਿਮ ਮੰਚ ਸਾਬਤ ਹੋਵੇਗੀ। ਕਾਨਫ਼ਰੰਸ ਨੂੰ ਲੈ ਕੇ ਸੰਗਤ ਅਤੇ ਪੰਜਾਬ ਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਪਿੰਡ-ਪਿੰਡ ਤੋਂ ਲੋਕਾਂ ਵੱਲੋਂ ਸ਼ਮੂਲੀਅਤ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਇਸ ਕਾਨਫ਼ਰੰਸ ਵਿੱਚ ਲੱਖਾਂ ਦੀ ਗਿਣਤੀ ਵਿੱਚ ਇਕੱਠ ਹੋਣ ਦਾ ਅਨੁਮਾਨ ਹੈ। ਇਸ ਮੌਕੇ ਮੁੱਖ ਤੌਰ ਪਾਰਲੀਮਾਨੀ ਬੋਰਡ ਮੈਂਬਰ ਭਾਈ ਸੁਖਵਿੰਦਰ ਸਿੰਘ ਅਗਵਾਨ ਅਤੇ ਸ੍ਰ. ਪ੍ਰਗਟ ਸਿੰਘ ਸੰਧੂ ਤੋਂ ਇਲਾਵਾ ਸਰਬਜੀਤ ਸਿੰਘ ਖਾਨਪੁਰ, ਚਾਚਾ ਸੁਖਚੈਨ ਸਿੰਘ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਗੁਰਦੇਵ ਸਿੰਘ ਸੰਧੂ, ਮਨਵਿੰਦਰ ਸਿੰਘ ਦਕੋਹਾ, ਭਾਈ ਜੋਧਬੀਰ ਸਿੰਘ ਜੱਲੂਪੁਰ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਸੁਖਬੀਰ ਸਿੰਘ ਚੀਮਾਂ, ਪ੍ਰਭਜੀਤ ਸਿੰਘ ਰਾਹੋਂ, ਬਾਬਾ ਜਰਮਨਜੀਤ ਸਿੰਘ ਸਰਾਏਂ, ਭਾਈ ਜਸਵਿੰਦਰ ਸਿੰਘ ਬਾਦਲ ਅਤੇ ਭਾਈ ਜਗਦੀਸ਼ ਸਿੰਘ ਸੇਵਾਦਾਰ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ। ਪਾਰਟੀ ਆਗੂਆਂ ਨੇ ਕਿਹਾ ਕਿ ਕਾਨਫ਼ਰੰਸ ਨੂੰ ਸਫ਼ਲ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਤਿਆਰੀਆਂ ਜੋਰਾਂ ਤੇ ਹਨ।

**ਤਿਆਰੀਆਂ ਜ਼ੋਰਾਂ 'ਤੇ, ਲੱਖਾਂ ਦੇ ਇਕੱਠ ਦਾ ਅਨੁਮਾਨ**

### ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਜੀ. ਐਸ. ਮੋਟਰ ਵਾਲਿਆਂ ਵੱਲੋਂ

# ਦਸਤਾਰ ਮੁਕਾਬਲੇ ਕਰਵਾਏ : ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ



**ਚੌਕ ਮਹਿਤਾ, 26 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)-**ਬੀਤੇ ਦਿਨ ਸਿੱਖ ਕੌਮ ਦੇ ਮਹਾਨ ਸ਼ਹੀਦ ਸ੍ਰ. ਜਸਵੰਤ ਸਿੰਘ ਖਾਲੜਾ ਜੀ ਅਤੇ ਉਸ ਸਮੇਂ ਦੇ ਸਮਨ ਸ਼ਹਰੇ ਦੀ ਯਾਦ ਨੂੰ ਸਮਰਪਿਤ ਪਿੰਡ ਬੰਡਾਰਥ ਜੀ. ਐਸ. ਮੋਟਰ ਵਾਲਿਆਂ ਵੱਲੋਂ ਸਿਖੀ ਸਰਦਾਰੀ ਨੂੰ ਕਾਇਮ ਰੱਖਣ ਲਈ ਦਸਤਾਰ ਨਾਲ ਪਿਆਰ ਕਰਨ ਲਈ ਅਤੇ ਨੌਜਵਾਨਾਂ ਵਿੱਚ ਸੀਸ ਤੇ ਦਸਤਾਰ ਸਜਾਉਣ ਲਈ ਪ੍ਰੇਰਣਾ ਸਰੋਤ ਦਸਤਾਰ ਮੁਕਾਬਲਾ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਨੇ ਅੱਗੇ ਦੱਸਿਆ ਕਿ ਇਸ ਪ੍ਰੋਗਰਾਮ ਲਿਆ ਇਸ ਪ੍ਰੋਗਰਾਮ ਵਿੱਚ ਉਮਰ 12 ਤੋਂ 25 ਸਾਲ ਅਤੇ ਸਾਬਤ ਸੂਰਤ ਹੋਣਾ ਜਰੂਰੀ ਤਹਿ ਕੀਤਾ ਗਿਆ ਸੀ ਅਤੇ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਵਾਲੇ ਹਰ ਨੌਜਵਾਨ ਨੂੰ ਕੂਪਨ ਦਿੱਤਾ ਗਿਆ ਸੀ ਅਤੇ ਪਟਿਆਲੇ ਤੋਂ ਆਏ ਜੁਝਾਰ ਸਿੰਘ ਨੇ ਪਹਿਲਾ ਦਰਜਾ ਹਾਸਲ ਕੀਤਾ ਅਤੇ ਜੁਝਾਰ ਸਿੰਘ ਨੂੰ ਪਹਿਲੇ ਦਰਜੇ ਤੇ ਆਉਣ ਤੇ ਇਨਾਮ ਵਜੋਂ 60,000 ਰੁਪਏ ਦੀ ਲਾਗਤ ਵਾਲੀ ਐਕਟਿਵਾ ਸਕੂਟਰੀ ਦਿੱਤੀ ਗਈ ਅਤੇ ਸੰਗਰੂਰ ਤੋਂ ਪਹੁੰਚੇ ਪਰਾਸੂ ਵਰਮਾ ਨੇ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਦੂਸਰੇ ਨੰਬਰ ਤੇ ਆਉਣ ਵਾਲਾ ਬੱਚਾ ਪਰਾਸੂ ਵਰਮਾ ਨੂੰ 41,000 ਰੁਪਏ ਦੀ ਲਾਗਤ ਵਾਲੀ ਸਕੂਟਰੀ ਇਨਾਮ ਵਜੋਂ ਦਿੱਤੀ ਗਈ ਅਤੇ ਵਿੱਚ ਵੱਖ-ਵੱਖ ਏਰੀਏ ਤੋਂ ਸਿਖ ਬੱਚਿਆਂ ਨੇ ਹਿੱਸਾ ਪਹਿਲੇ ਦੂਜੇ ਤੀਸਰੇ ਨੰਬਰ ਤੇ ਆਉਣ ਵਾਲੇ ਬੱਚਿਆਂ ਨੂੰ ਇਨਾਮ ਚ ਸਕੂਟਰੀਆਂ ਦੇ ਕਿ ਸਨਮਾਨਿਤ ਕੀਤਾ ਮਲੇਰਕੋਟਲੇ ਤੋਂ ਪਹੁੰਚੇ ਜਸ਼ਨਪ੍ਰੀਤ ਸਿੰਘ ਬੱਚੇ ਨੇ ਤੀਸਰਾ ਸਥਾਨ ਹਾਸਿਲ ਕੀਤਾ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਜਸ਼ਨਪ੍ਰੀਤ ਸਿੰਘ ਨੂੰ 39,000 ਗੋਲਾ ਬਾਬੀ ਸਬਕੀ ਸਿੰਘਨਾਮ ਵਜੋਂ ਦਿੱਤੀ !ਅੱਗੇ ਕਿ ਇਸ ਪ੍ਰੋਗਰਾਮ ਵਿੱਚ ਖਾਸ ਗੱਲ ਇਹ ਵੇਖਣ ਨੂੰ ਮਿਲੀ ਕਿ ਸਿੱਖੀ ਸਰੂਪ ਪ੍ਰਤੀ ਬੱਚਿਆਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ ਅਤੇ ਅਸਲ ਵਿੱਚ ਬੱਚਿਆਂ ਚ ਉਤਸ਼ਾਹ ਬੱਚਿਆਂ ਦੀਆਂ ਮਾਵਾਂ ਦੀ ਸਿੱਖਿਆ ਨਾਲ ਪੈਦਾ ਹੁੰਦਾ ਹੈ ਅਤੇ ਇਸੇ ਕਰਕੇ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੇ ਮਾਂ ਨੂੰ ਧੰਨ ਜਨਨੀ ਕਹਿ ਕਿ ਸੰਬੋਧਨ ਕੀਤਾ ਅਤੇ ਅਸੀਂ ਵੀ ਇਸ ਪ੍ਰੋਗਰਾਮ ਵਿੱਚ ਪਹੁੰਚੇ ਬੱਚਿਆਂ ਦੀਆਂ ਮਾਵਾਂ ਦਾ ਧੰਨਵਾਦ ਕਰਦੇ ਹਾਂ ਜਿਨਾਂ ਮਾਵਾਂ ਨੇ ਗੁਰੂ ਸਾਹਿਬ ਜੀ ਦੇ ਹੁਕਮ ਨੂੰ ਮੰਨਿਆ ਹੈ ਅਤੇ ਸਿੱਖੀ ਸਰੂਪ ਨਾਲ ਬੱਚਿਆਂ ਦਾ ਪ੍ਰੇਮ ਪਾਇਆ ਹੋਇਆ ਹੈ ! ਇਸ ਮੌਕੇ ਵਿਸੇਸ ਤੌਰ ਤੇ ਗਿਆਨੀ ਗੁਰਵਿੰਦਰ ਸਿੰਘ ਜੀ ਐਸ ਆਟੋ ਮਨਿੰਦਰ ਸਿੰਘ, ਉਪਕਾਰ ਸਿੰਘ ਖਾਲਸਾ ਸਟੋਰ ਬੰਡਾਲਾ, ਡਾ ਸੁਖਵਿੰਦਰ ਸਿੰਘ ,ਪਰਮਪ੍ਰੀਤ ਸਿੰਘ, ਕਰਨਨਪ੍ਰੀਤ ਸਿੰਘ ਹੁੰਦਲ ਈਵੀ ਮਹਿਤਾ ਚੋਕ ,ਮਾਸਟਰ ਸਤਪਾਲ ਸਿੰਘ ਆਦਿ ਵੱਲੋਂ ਇਸ ਪ੍ਰੋਗਰਾਮ ਵਿੱਚ ਦੂਰ ਦੁਰਾਡੇ ਤੋਂ ਪਹੁੰਚੇ ਬੱਚਿਆਂ ਦਾ ਅਤੇ ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕੀਤਾ ਅਤੇ ਸ੍ਰ ਜਸਵੰਤ ਸਿੰਘ ਖਾਲੜਾ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਸਿੰਘਣੀਆਂ ਨੂੰ ਕੋਟਨਿ ਕੋਟਿ ਪ੍ਰਣਾਮ ਕਰਦਿਆਂ ਹੋਇਆ ਇਸ ਪ੍ਰੋਗਰਾਮ ਦੀ ਸਫਲਤਾ ਲਈ ਸਮੂਹ ਸਹੀਦਾਂ ਦਾ ਅਤੇ ਪ੍ਰਮਾਤਮਾ ਦਾ ਧੰਨਵਾਦ ਕੀਤਾ!

# 27 ਅਗਸਤ ਨੂੰ ਸਮੂਹ ਯੂਨੀਅਨਾਂ ਦੀਆਂ ਹੈਲਥ ਵਰਕਰਾਂ ਸਮੂਹਿਕ ਛੁੱਟੀ ਲੈ ਕੇ ਪੰਜਾਬ ਮਹਾਂਬੰਦ 'ਚ ਹੋਣਗੀਆਂ ਸ਼ਾਮਲ- ਕਿਰਨਾ ਕੌਰ

**ਤਲਵੰਡੀ ਸਾਬੋ, 26 ਅਗਸਤ (ਗੁਰਜੰਟ ਸਿੰਘ ਨਥੇਹਾ)-** ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਸਰਕਾਰੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਲੈ ਕੇ ਵਿੱਢੇ ਸੰਘਰਸ਼ ਨੂੰ ਹੈਲਥ ਵਰਕਰ ਫੀਮੇਲ ਰੈਗੂਲਰ ਯੂਨੀਅਨ ਪੰਜਾਬ ਵੱਲੋਂ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ। ਯੂਨੀਅਨ ਵੱਲੋਂ ਆਪਣੇ ਮੈਂਬਰਾਂ ਅਤੇ ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਧਾਨਾਂ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਫੈਸਲਾ ਕੀਤਾ ਗਿਆ ਹੈ ਕਿ 27 ਅਗਸਤ ਨੂੰ ਸਮੂਹ ਯੂਨੀਅਨਾਂ ਦੇ ਹੈਲਥ ਵਰਕਰ ਸਮੂਹਿਕ ਛੁੱਟੀ ਲੈ ਕੇ ਪੰਜਾਬ ਮਹਾਂਬੰਦ ਦੇ ਸੱਦੇ ਵਿੱਚ ਸ਼ਾਮਲ ਹੋਣਗੀਆਂ ਅਤੇ ਰੋਸ ਪ੍ਰਦਰਸ਼ਨਾਂ ਰਾਹੀਂ ਸੰਘਰਸ਼ ਨੂੰ ਆਪਣਾ ਬਣਦਾ ਯੋਗਦਾਨ ਦੇਣਗੀਆਂ। ਇਸ ਸਬੰਧੀ ਜਾਣਕਾਰੀ ਜ਼ਿਲ੍ਹਾ ਪ੍ਰਧਾਨ ਬਠਿੰਡਾ ਕਿਰਨਾ ਕੌਰ ਨੇ ਤਲਵੰਡੀ ਸਾਬੋ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਜਾਇਜ਼ ਮੰਗਾਂ ਸਬੰਧੀ ਸਰਕਾਰ ਵੱਲੋਂ ਢੁੱਕਵੇਂ ਕਦਮ ਨਾ ਚੁੱਕੇ ਜਾਣ ਕਾਰਨ ਮੁਲਾਜ਼ਮ ਵਰਗ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸੇ ਦੇ ਚਲਦਿਆਂ ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਸ਼ੁਰੂ ਕੀਤੇ ਸੰਘਰਸ਼ ਵਿੱਚ ਯੂਨੀਅਨ ਨੇ ਵੀ ਡਟ ਕੇ ਸਾਥ ਦੇਣ ਦਾ ਫੈਸਲਾ ਕੀਤਾ ਹੈ। ਕਿਰਨਾ ਕੌਰ ਨੇ ਕਿਹਾ ਕਿ 27 ਅਗਸਤ 2026 ਨੂੰ ਸਮੂਹ ਯੂਨੀਅਨਾਂ ਦੇ ਹੈਲਥ ਵਰਕਰ ਫੀਮੇਲ ਸਮੂਹਿਕ ਛੁੱਟੀ ਲੈ ਕੇ ਪੰਜਾਬ ਮਹਾਂਬੰਦ ਵਿੱਚ ਸ਼ਾਮਲ ਹੋਣਗੀਆਂ। ਉਨ੍ਹਾਂ ਕਿਹਾ ਕਿ ਵਰਕਰ ਰੋਸ ਪ੍ਰਦਰਸ਼ਨਾਂ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਤੱਕ ਆਪਣੀਆਂ ਮੰਗਾਂ ਅਤੇ ਮੁਲਾਜ਼ਮ ਵਰਗ ਦੇ ਰੋਸ ਦੀ ਆਵਾਜ਼ ਪਹੁੰਚਾਉਣਗੀਆਂ। ਉਨ੍ਹਾਂ ਕਿਹਾ ਕਿ ਹੈਲਥ ਵਰਕਰ ਫੀਮੇਲ ਯੂਨੀਅਨ ਸਰਕਾਰੀ ਸਿਹਤ ਸੇਵਾਵਾਂ ਨਾਲ ਜੁੜੀਆਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਦੀ ਹੈ, ਪਰ ਮੁਲਾਜ਼ਮਾਂ ਦੇ ਹੱਕਾਂ ਅਤੇ ਜਾਇਜ਼ ਮੰਗਾਂ ਲਈ ਚੱਲ ਰਹੇ ਸੰਘਰਸ਼ ਵਿੱਚ ਯੂਨੀਅਨ ਦਾ ਸਾਥ ਦੇਣਾ ਵੀ ਜ਼ਰੂਰੀ ਸਮਝਦੀ ਹੈ। ਉਨ੍ਹਾਂ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ 27 ਅਗਸਤ ਦੇ ਪੰਜਾਬ ਮਹਾਂਬੰਦ ਨੂੰ ਸਫਲ ਬਣਾਉਣ ਲਈ ਵੱਡੀ ਗਿਣਤੀ ਵਿੱਚ ਰੋਸ ਪ੍ਰਦਰਸ਼ਨਾਂ ਵਿੱਚ ਸ਼ਾਮਲ ਹੋਣ। ਆਗੂ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਗੱਲਬਾਤ ਰਾਹੀਂ ਕੱਢਿਆ ਜਾਣਾ ਚਾਹੀਦਾ ਹੈ ਅਤੇ ਸਰਕਾਰ ਨੂੰ ਮੁਲਾਜ਼ਮ ਜਥੇਬੰਦੀਆਂ ਨਾਲ ਗੰਭੀਰਤਾ ਨਾਲ ਗੱਲਬਾਤ ਕਰਕੇ ਮਸਲਿਆਂ ਦਾ ਜਲਦ ਨਿਪਟਾਰਾ ਕਰਨਾ ਚਾਹੀਦਾ ਹੈ।



# ਸਿੱਖਿਆ ਦਾ ਮਕਸਦ ਆਰਥਿਕ ਤੌਰ ਤੇ ਪੱਛੜੇ ਵਰਗ ਦੇ ਵਿਦਿਆਰਥੀਆਂ ਨੂੰ ਅਜ਼ਾਦ ਮਨ ਵਾਲੇ ਬਣਾਉਣਾ—ਚੰਦਨਪ੍ਰੀਤ ਕੌਰ ਅਲਕਾ

**ਫ਼ਿਰੋਜ਼ਪੁਰ, 26 ਅਗਸਤ (ਮਨੋਹਰ ਲਾਲ) :—** ਅਧਿਕਾਰ ਸੰਘਰਸ਼ ਪਾਰਟੀ ਦੀ ਵਿਧਾਨ ਸਭਾ ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਾਇਮਰੀ ਅਤੇ ਸੈਕੰਡਰੀ ਸਰਕਾਰੀ ਸਕੂਲਾਂ ਦੀ ਸਿੱਖਿਆ ਦੀ ਹਾਲਤ ਤਰਸਯੋਗ ਬਣੀ ਹੋਈ ਹੈ, ਖ਼ਾਸ ਕਰਕੇ ਗ਼ਰੀਬ ਅਤੇ ਆਰਥਿਕ ਤੌਰ ਤੇ ਪੱਛੜੇ ਵਿਦਿਆਰਥੀਆਂ ਲਈ ਸਿੱਖਿਆ ਪ੍ਰਣਾਲੀ ਬੋਝ ਬਣੀ ਹੋਈ ਹੈ। ਹਲਕਾ ਇੰਚਾਰਜ ਜ਼ੀਰਾ ਚੰਦਨਪ੍ਰੀਤ ਅਲਕਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਵਿਦਿਆਰਥੀਆਂ ਦਾ ਹਿਸਾਬ, ਸਾਇੰਸ ਅਤੇ ਅੰਗਰੇਜ਼ੀ ਵਿਚ ਹੱਥ ਕਾਫ਼ੀ ਤੰਗ ਹੈ, ਕਈ ਵਿਦਿਆਰਥੀਆਂ ਨੂੰ ਪੰਜਾਬੀ ਅਤੇ ਅੰਗਰੇਜ਼ੀ ਲਿਖਣ ਵਿਚ ਬਹੁਤ ਦਿੱਕਤ ਆਉਂਦੀ ਹੈ, ਲਿਖ਼ਤੀ ਸਪੈਲਿੰਗ ਗ਼ਲਤੀਆਂ ਅਕਸਰ ਦੇਖਣ ਨੂੰ ਮਿਲਦੀਆਂ ਹਨ ।

ਸਰਕਾਰੀ ਸਕੂਲਾਂ ਵਿਚ ਮਨਜ਼ੂਰਸ਼ੁਦਾ ਅਧਿਆਪਕਾਂ ਦੀਆਂ ਅਸਾਮੀਆਂ ਨਾਲੋਂ ਬਾਹਲੀਆਂ ਪੋਸਟਾਂ ਖਾਲੀ ਪਈਆਂ ਹਨ। ਵਿਦਿਆਰਥੀਆਂ ਲਈ ਪਖਾਨਿਆਂ, ਕੰਪਿਊਟਰਾਂ ਅਤੇ ਖੇਡਾਂ ਦੀਆਂ ਸਹੂਲਤਾਂ ਦੀ ਸਥਿਤੀ ਵੀ ਚੰਗੀ ਨਹੀਂ। ਮਿਸ ਚੰਦਨਪ੍ਰੀਤ ਕੌਰ ਨੇ ਕਿਹਾ ਕਿ ਦੇਸ਼ ਅਜ਼ਾਦ ਹੋਏ ਨੂੰ 80 ਸਾਲ ਹੋ ਗਏ ਹਨ ਪਰ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਅਜੇ ਵੀ ਅਸੁਰੱਖਿਅਤ ਹਨ, ਪਖਾਨਿਆਂ ਦੀ ਹਾਲਤ ਮੰਦੀ ਹੀ ਨਹੀਂ ਕਾਫ਼ੀ ਤਰਸਯੋਗ ਹੈ, ਕਈ ਸਕੂਲਾਂ ਵਿੱਚ ਸਾਫ਼ ਪਾਣੀ ਪੀਣ ਦੀ ਸਹੂਲਤ ਵੀ ਉਪਲਬਧ ਨਹੀਂ। ਵਿਦਿਆਰਥੀ ਢੁਕਵੇਂ ਕਲਾਸਰੂਮ ਅਤੇ ਬੈਂਚਾਂ ਬਿਨਾਂ ਪੜਨ ਲਈ ਮਜਬੂਰ ਹਨ। ਕੇਂਦਰੀ ਅਤੇ ਸੂਬਾਈ ਸਰਕਾਰਾਂ ਚੰਗੀਆਂ ਯੋਜਨਾਵਾਂ ਦਾ ਕਾਗਜ਼ਾਂ ਵਿਚ ਐਲਾਨ ਤਾਂ ਕਰਦੀਆਂ ਹਨ ਪਰ ਜ਼ਮੀਨੀ ਪੱਧਰ ਤੇ ਇਹ ਯੋਜਨਾਵਾਂ ਲਾਗੂ ਨਹੀਂ ਕੀਤੀਆਂ ਜਾਂਦੀਆਂ, ਕੁਲ ਮਿਲਾਕੇ ਸਰਕਾਰੀ ਸਕੂਲਾਂ ਦੀ ਹਾਲਤ ਹਰ ਐਂਗਲ ਤੋਂ ਖਸਤਾ ਹੈ। ਮਿਸ ਚੰਦਨਪ੍ਰੀਤ ਕੌਰ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਸਿਰਫ ਦੂਸ਼ਣਬਾਜ਼ੀ ਹੀ ਇੱਕ ਦੂਜੇ ਤੇ ਕਰ ਰਹੀਆਂ ਹਨ ਪਰ ਜਨਤਾਂ ਲਈ ਲੋੜੀਂਦੇ ਜ਼ਰੂਰੀ ਮੁੱਦਿਆਂ ਵੱਲ ਇੰਨਾਂ ਦਾ ਕੋਈ ਢੁਕਵਾਂ ਧਿਆਨ ਨਹੀਂ।

ਉਨਾਂ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ 2027 ਵਿੱਚ ਸਰਕਾਰ ਬਣਨ ਤੇ ਸਾਰੇ ਸਰਕਾਰੀ ਸਕੂਲਾਂ ਨੂੰ ਨਵਾਂ ਜੀਵਨ ਦਿੱਤਾ ਜਾਵੇਗਾ। ਸਰਕਾਰੀ ਸਕੂਲਾਂ ਵਿਚ ਮਨਜ਼ੂਰਸ਼ੁਦਾ ਅਧਿਆਪਕਾਂ ਦੀਆਂ ਹਰ ਸਟਰੀਮ ਦੀਆਂ ਸਾਰੀਆਂ ਅਸਾਮੀਆਂ ਭਰੀਆਂ ਜਾਣਗੀਆਂ ਤਾਂ ਕਿ ਬੇਰੁਜ਼ਗਾਰ ਅਧਿਆਪਕਾਂ ਨੂੰ ਰੋਜ਼ਗਾਰ ਵੀ ਮੁੱਹਈਆ ਕਰਵਾਇਆ ਜਾ ਸਕੇ। ਸਰਕਾਰੀ ਸਕੂਲਾਂ ਦੀ ਸਿੱਖਿਆ ਨੂੰ ਮਿਆਰੀ ਅਤੇ ਅੱਵਲ ਦਰਜੇ ਦੀ ਬਣਾਉਣ ਲਈ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ ਤਾਂ ਕਿ ਆਰਥਿਕ ਤੌਰ ਤੇ ਪਛੜੇ ਹਰ ਪਰਿਵਾਰਾਂ ਦੇ ਬੱਚਿਆਂ ਨੂੰ ਅੱਵਲ ਦਰਜੇ ਦੀ ਸਿੱਖਿਆ ਪ੍ਰਦਾਨ ਕਰਕੇ ਵਿਕਸਤ ਲੋਕਾਂ ਦੇ ਬੱਚਿਆਂ ਦੇ ਬਰਾਬਰ ਹਾਣੀ ਬਣਾਇਆ ਜਾ ਸਕੇ, ਗ਼ਰੀਬ ਬੱਚਿਆਂ ਵਿੱਚ ਉਤਪੰਨ ਹੋਈ ਪੜਾਈ ਦੀ ਉਚ ਅਤੇ ਨੀਚ ਭਾਵਨਾ ਨੂੰ ਖ਼ਤਮ ਕੀਤਾ ਜਾ ਸਕੇ।

ਮਿਸ ਚੰਦਨਪ੍ਰੀਤ ਨੇ ਕਿਹਾ ਕਿ ਜਿਸ ਦੇਸ਼ ਦੀ ਸਿੱਖਿਆ ਪ੍ਰਣਾਲੀ ਕੰਮਜ਼ੋਰ ਹੋਵੇਗੀ ਉਹ ਦੇਸ਼ ਕਦੀ ਵੀ ਵਿਕਸਤ ਨਹੀਂ ਹੋ ਸਕਦਾ। ਇਸ ਕਰਕੇ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਸਿਹਤ ਅਤੇ ਸਿੱਖਿਆ ਵੱਲ ਵਿਸ਼ੇਸ਼ ਤੇ ਵਧੇਰੇ ਕੇਂਦਰਿਤ ਰਹੇਗੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਇੰਗਲੈਂਡ ਦੀ ਧਰਤੀ ਤੇ ਬਾਬੇ ਕੇ ਫ਼ਾਰਮ ਵਿਖੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 83ਵੀਂ ਸਾਲਾਨਾ

# ਬਰਸੀ ਸਮਾਗਮ ਦੇ ਪੰਜਵੇਂ ਦਿਨ ਸ੍ਰੀ ਅੰਖਡ ਸਾਹਿਬ ਜੀ ਦੀ ਦੂਸਰੀ ਲੜੀ ਦੇ ਭੋਗ ਪਾਏ ਗਏ












**ਫ਼ਿਰੋਜ਼ਪੁਰ, 26 ਅਗਸਤ (ਮਨੋਹਰ ਲਾਲ) :—** ਇੰਗਲੈਂਡ ਦੀ ਧਰਤੀ ਤੇ ਸਥਿਤ ਬਾਬੇ ਕੇ ਫਾਰਮ (ਜੋ ਕਿ 35 ਏਕੜ ਵਿੱਚ ਫੈਲਿਆ ਹੋਇਆ ਹੈ ਅਤੇ ਜਿੱਥੇ ਸੰਤ ਬਾਬਾ ਨਾਹਰ ਸਿੰਘ ਜੀ ਨੇ ਇਸ ਜੰਗਲ ਵਿੱਚ ਮੰਗਲ ਕੀਤਾ ਸੀ) ਅਤੇ 35 ਸਾਲ ਇੱਥੇ ਭਗਤੀ ਕੀਤੀ, ਵਿਖੇ ਹਰ ਸਾਲ ਵਾਂਗ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਮਨਾਈ ਜਾਂਦੀ ਹੈ।

ਇਸ ਵਾਰ 9 ਦਿਨਾਂ 83ਵੀਂ ਬਰਸੀ ਸਮਾਗਮ ਜੋ ਕਿ 22 ਅਗਸਤ ਤੋਂ 30 ਅਗਸਤ ਤੱਕ ਚੱਲ ਰਿਹਾ ਹੈ ਵਿਚ ਭਾਈ ਦਵਿੰਦਰ ਸਿੰਘ ਬਟਾਲਾ ਨੇ ਅੱਜ ਕਥਾ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂ ਜਸ ਸੁਣਾ ਕੇ ਨਿਹਾਲ ਕੀਤਾ। ਬਰਸੀ ਸਮਾਗਮ ਬਾਬੇ ਕੇ ਫਾਰਮ ਸੈਟ ਫੋਰਡ ਅਪਾਨ ਸਟ੍ਰੈਟਫੋਰਡ ਅਪਾਨ ਐਵਨ ਵਾਰਵਿਨਸ਼ਾਇਰ ਸੀ.ਵੀ 37 ਡੀ.ਪੀ.ਕਿਊ ਵਿਖੇ ਮਨਾਇਆ ਜਾ ਰਿਹਾ ਹੈ, ਜਿਥੇ ਦੇਸ਼—ਵਿਦੇਸ਼ ਤੋਂ ਹਰ ਸਾਲ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰੀ ਭਰਦੀਆਂ ਹਨ। ਇਸ ਮੌਕੇ ਤੇ ਸੰਤ ਮਹਾਪੁਰਸ਼ਾਂ ਅਤੇ ਰਾਗੀ ਢਾਡੀ ਜੱਥਿਆਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਦਲ ਪੰਥ ਬੁੱਢਾ ਦਲ, ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲੇ, ਸੰਤ ਜਗਜੀਤ ਸਿੰਘ ਲੋਪੋ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਪੂਰਾਂ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਮਹਿੰਦਰ ਸਿੰਘ, ਭਾਈ ਅਮਰਜੀਤ ਸਿੰਘ ਨਾਨਕਸਰ ਠਾਠ ਈਸ਼ਰ ਦਰਬਾਰ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਸਮੇਤ ਅਨੇਕਾਂ ਧਾਰਮਿਕ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ। ਸਮਾਗਮਾਂ ਦੌਰਾਨ ਭਾਈ ਜਸ਼ਨਪ੍ਰੀਤ ਸਿੰਘ ਅਤੇ ਭਾਈ ਨਿਰਮਲ ਸਿੰਘ ਹਜ਼ੂਰੀ ਰਬਾਬੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰ ?ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਪੰਜਲ, ਪਰਮ ਸਿੰਘ ਘਟੌੜਾ, ਗੁਰਮੀਤ ਸਿੰਘ ਜੰਦ ਅਤੇ ਜਥੇਦਾਰ ਜਸਵੰਤ ਸਿੰਘ ਸੈਣੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਸੰਗਤਾਂ ਦੀ ਸੁਵਿਧਾ ਲਈ ਹਰ ਰੋਜ਼ ਦਿਨ ਵਿੱਚ ਤਿੰਨ ਵਾਰ ਬਰਮਿੰਘਮ ਤੋਂ ਬੱਸਾਂ ਬਾਬੇ ਕੇ ਫਾਰਮ ਲਈ ਚਲਾਈਆਂ ਗਈਆਂ ਹਨ। ਇਸ ਮੌਕੇ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜਸਵੰਤ ਸਿੰਘ ਸੈਣੀ, ਸਰਵਨ ਸਿੰਘ ਸੈਣੀ, ਪਰਮ ਸਿੰਘ ਘਟੌੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਰਿੰਦਰ ਸਿੰਘ ਪੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਬਲਦੇਵ ਸਿੰਘ ਮਲਸੀਆ, ਅਵਤਾਰ ਸਿੰਘ ਚੰਡੀ, ਜਗਤਾਰ ਸਿੰਘ ਘਟੌੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ ਸੱਗੂ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਣੀ ਅਤੇ ਰਾਜਾ ਨੇ ਸੰਗਤਾਂ ਅਤੇ ਮਹਾਪੁਰਸ਼ਾਂ ਦੀ ਹੱਥੀਂ ਸੇਵਾ ਕੀਤੀ। ਲੰਗਰ ਦੀ ਸੇਵਾ ਵਿੱਚ ਬੀਬੀ ਨਰਿੰਦਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਜਸਬੀਰ ਕੌਰ, ਬੀਬੀ ਨਰੰਜਨ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਦਿਨ—ਰਾਤ ਸੇਵਾ ਕਰ ਰਹੀਆਂ ਹਨ। ਇਥੇ ਗੁਰੂ ਕਾ ਲੰਗਰ, ਚਾਹ ਕੌਫੀ, ਪੀਜ਼ਾ, ਬਰਗਰ, ਨੂਡਲਜ਼, ਟਿੱਕੀ, ਸਮੋਸੇ ਆਦਿ ਵੱਖ—ਵੱਖ ਪ੍ਰਕਾਰ ਦੇ ਲੰਗਰਾਂ ਦੇ ਸਟਾਲ ਲਗਾ ਕੇ ਸੰਗਤਾਂ ਨੂੰ ਵਰਤਾਏ ਜਾ ਰਹੇ ਹਨ। ਉਪਰੋਕਤ ਆਗੂਆਂ ਨੇ ਇੰਗਲੈਂਡ ਨਿਵਾਸੀਆਂ ਅਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬਰਸੀ ਸਮਾਗਮਾਂ ਵਿੱਚ ਭਾਰੀ ਗਿਣਤੀ ਚ ਪਹੁੰਚ ਕੇ ਮਹਾਪੁਰਸ਼ਾਂ ਦੇ ਆਸ਼ੀਰਵਾਦ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

**ਸਮਾਗਮਾਂ ਦੌਰਾਨ ਭਾਈ ਦਵਿਦਰ ਸਿੰਘ, ਬਟਾਲਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਨੇ ਸੰਗਤਾਂ ਨੂੰ ਗੁਰਇਤਿਹਾਸ ਤੇ ਕਥਾ ਕੀਰਤਨ ਸੁਣਾ ਕੇ ਗੁਰਬਾਣੀ ਨਾਲ ਜੋੜਿਆ**

# ਪੰਜਾਬ ਚ ਧਰਤੀ ਹੇਠਲੇ ਪਾਣੀ ਦੀ ਹੱਦੋਂ ਵੱਧ ਵਰਤੋਂ ਪੰਜਾਬੀਆਂ ਲਈ ਬੇਹੱਦ ਨੁਕਸਾਨਦੇਹ—ਇੰਜ ਸੁਰਿੰਦਰ ਸਿੰਘ ਭਿੰਡਰ



**ਫ਼ਿਰੋਜ਼ਪੁਰ, 26 ਅਗਸਤ (ਮਨੋਹਰ ਲਾਲ) :—** ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਾਰਲੀਮੈਂਟ ਵਿੱਚ ਪੇਸ਼ ਕੀਤੇ ਤਾਜ਼ਾ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਪੰਜਾਬ ਦੂਸਰੇ ਸੂਬਿਆਂ ਦੇ ਮੁਕਾਬਲੇ ਧਰਤੀ ਹੇਠਲੇ ਪਾਣੀ ਦੀ ਵੱਧ ਵਰਤੋਂ ਕਰ ਰਿਹਾ ਹੈ ਜਿਸ ਕਾਰਨ ਪਾਣੀ ਦਾ ਪੱਧਰ ਹੇਠਾਂ ਜਾ ਰਿਹਾ ਹੈ। ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੀ ਵੱਧ ਮਾਤਰਾ ਚ ਪਾਣੀ ਕੱਢਣ ਨਾਲ ਹਲਾਤ ਖ਼ਤਰਨਾਕ ਹੱਦ ਤੱਕ ਪਹੁੰਚ ਗਏ ਹਨ। ਇੰਜ ਭਿੰਡਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਸਰਕਾਰ ਨੇ 1997 ਵਿੱਚ ਟਿਊਬਵੈੱਲ ਕੁਨੈਕਸ਼ਨ ਧਾਰਕ ਕਿਸਾਨਾਂ ਨੂੰ ਮੁਫ਼ਤ ਬਿਜਲੀ ਦੇਣ ਦਾ ਫੈਸਲਾ ਕੀਤਾ ਸੀ ਜਿਸ ਕਾਰਨ ਕਿਸਾਨਾਂ ਨੇ ਪਾਣੀ ਦੀ ਬੇਰੋਕ ਵਰਤੋਂ ਸ਼ੁਰੂ ਕਰ ਦਿੱਤੀ ਜਿਸ ਕਰਕੇ ਖੇਤਾਂ ਦੀ ਸਿੰਚਾਈ ਟਿਊਬਵੈਲ ਕੁਨੈਕਸ਼ਨਾਂ ਤੇ ਨਿਰਭਰ ਹੋ ਗਈ। ਸ਼ੁਰੂਆਤੀ ਦੋਰ ਵਿੱਚ ਨਹਿਰਾਂ ਸਿੰਚਾਈ ਦਾ ਮੁੱਖ ਸਰੋਤ ਸਨ ਪਰ ਟਿਊਬਵੈੱਲ ਕੁਨੈਕਸ਼ਨ ਦੀ ਬਿਜਲੀ ਮੁਫ਼ਤ ਹੋਣ ਕਾਰਨ ਵੱਡੇ ਹਿੱਸੇ ਚ ਸਿੰਚਾਈ ਟਿਊਬਵੈਲ ਕੁਨੈਕਸ਼ਨਾਂ ਨੇ ਨਹਿਰਾਂ ਦੀ ਥਾਂ ਲੈ ਲਈ। ਅੱਜ ਜ਼ਿਆਦਾਤਰ ਸਿੰਚਾਈ ਟਿਊਬਵੈੱਲ ਕੁਨੈਕਸ਼ਨ ਦੁਆਰਾ ਕੀਤੀ ਜਾ ਰਹੀ ਹੈ ਜਿਸ ਕਾਰਨ ਧਰਤੀ ਹੇਠਲੇ ਪਾਣੀ ਦਾ ਪੱਧਰ ਨਿਰੰਤਰ ਹੇਠਾਂ ਡਿੱਗ ਰਿਹਾ ਹੈ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ ਹਰ ਸਾਲ ਜਿੰਨਾਂ ਪਾਣੀ ਧਰਤੀ ਹੇਠਾਂ ਦੁਬਾਰਾ ਰੀਚਾਰਜ਼ ਹੁੰਦਾ ਹੈ ਉਸ ਨਾਲੋਂ ਕਈ ਗੁਣਾਂ ਵਧ ਪਾਣੀ ਟਿਊਬਵੈੱਲਾਂ ਰਾਹੀਂ ਕੱਢਿਆ ਜਾ ਰਿਹਾ ਹੈ। ਪਾਣੀ ਦਾ ਪੱਧਰ ਹੇਠਾਂ ਡਿੱਗਣ ਕਾਰਨ ਕਿਸਾਨਾਂ ਨੂੰ ਹੋਰ ਡੂੰਘੇ ਬੋਰ ਕਰਨੇ ਪੈ ਰਹੇ ਹਨ, ਡੂੰਘੇ ਬੋਰਾਂ ਨਾਲ ਬਿਜਲੀ ਦੀ ਖਪਤ ਵੀ ਵੱਧਦੀ ਹੈ ਜਿਸ ਨਾਲ ਪਾਵਰਕੌਮ ਨੂੰ ਵੱਧ ਵਿੱਤੀ ਬੋਝ ਝੱਲਣਾ ਪੈਂਦਾ ਹੈ, ਨਤੀਜੇ ਵੱਜੋਂ ਮੁਫ਼ਤ ਬਿਜਲੀ ਕਾਰਨ ਕਿਸਾਨ ਟਿਊਬਵੈੱਲਾਂ ਰਾਹੀਂ ਸਿੰਚਾਈ ਨੂੰ ਤਰਜੀਹ ਦੇਣ ਲੱਗੇ ਹਨ। ਮੁਫ਼ਤ ਬਿਜਲੀ ਮਿਲਣ ਕਾਰਨ ਕਿਸਾਨਾਂ ਨੇ ਫ਼ਸਲੀ ਵੰਨ ਸੁਵੰਨਤਾ ਨੂੰ ਖਾਸ ਤਵੱਜੋਂ ਨਹੀਂ ਦਿੱਤੀ, ਜਿੰਨਾਂ ਨੂੰ ਘੱਟ ਪਾਣੀ ਦੀ ਜ਼ਰੂਰਤ ਪੈਂਦੀ ਹੈ। ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਬੇਰੋਕ ਵਰਤੋਂ ਕਾਰਨ ਕਈ ਵੱਡੀਆਂ ਸਮੱਸਿਆਵਾਂ ਸਾਹਮਣੇ ਆ ਰਹੀਆਂ ਹਨ, ਲਗਾਤਾਰ ਪਾਣੀ ਦੀ ਫਾਲਤੂ ਨਿਕਾਸੀ ਕਾਰਨ ਪਾਣੀ ਦਾ ਲੈਵਲ ਲਗਾਤਾਰ ਹੇਠਾ ਜਾ ਰਿਹਾ ਹੈ। ਪੰਜਾਬ ਦੇ ਕੁੱਲ 153 ਬਲਾਕਾਂ ਵਿਚੋਂ 111 ਬਲਾਕਾਂ ਦਾ ਪਾਣੀ ਦਾ ਪੱਧਰ ਖ਼ਤਰਨਾਕ ਹੱਦ ਤੱਕ ਘੱਟ ਗਿਆ ਹੈ, ਜੋ ਕਿ ਪੰਜਾਬੀਆਂ ਲਈ ਇਕ ਅਸ਼ੁਭ ਸੰਕੇਤ ਹੈ। ਇੰਜ ਭਿੰਡਰ ਨੇ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਪਾਣੀ ਦੇ ਸਮੁਚੇ ਪ੍ਰਬੰਧਨ, ਫ਼ਸਲੀ ਵਿਭਿੰਨਤਾ, ਆਧੁਨਿਕ ਸਿੰਚਾਈ ਤਕਨੀਕਾਂ ਅਤੇ ਵਿਗਿਆਨਕ ਮਾਡਰਨ ਨੀਤੀਆਂ ਨੂੰ ਅਪਨਾ ਕੇ ਪੰਜਾਬ ਦੀ ਖੇਤੀ ਤੇ ਪਾਣੀ ਨੂੰ ਭਵਿੱਖ ਲਈ ਸੁਰੱਖਿਅਤ ਬਣਾਇਆ ਜਾਵੇਗਾ। ਟਿਊਬਵੈਲ ਕੁਨੈਕਸ਼ਨਾਂ ਨੂੰ ਮੁਫ਼ਤ ਬਿਜਲੀ ਦੇਣੀ ਬੰਦ ਕੀਤੀ ਜਾਵੇਗੀ ਤਾਂ ਕਿ ਬੇਰੋਕ ਤੇ ਬੇਲੋੜਾ ਪਾਣੀ ਦੀ ਧਰਤੀ ਚੋਂ ਨਿਕਾਸੀ ਨੂੰ ਰੋਕਿਆ ਜਾ ਸਕੇ ਅਤੇ ਭਵਿੱਖ ਵਿੱਚ ਨਵੀਂ ਪੀੜ੍ਹੀ ਨੂੰ ਜਲ ਸੰਕਟ ਦਾ ਸਾਹਮਣਾ ਨਾ ਕਰਨਾ ਪਵੇ।

# ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਗੋਲਡ ਮੈਡਲ ਜਿੱਤਿਆ





ਚੌਕ ਮਹਿਤਾ,26 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) ਇਲਾਕੇ ਵਿੱਚ ਲੋੜਵੰਦਾਂ ਦੀ ਸਹਾਇਤਾ ਲਈ ਸਭ ਤੋਂ ਅੱਗੇ ਚੱਲ ਰਹੇ ਸੰਤ ਬਾਬਾ ਗੁਰਬਖਸ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਦੀ ਅਗਵਾਈ ਹੇਠ ਚੱਲ ਰਹੀ ਅਕੈਡਮੀ ਜੱਬੋਵਾਲ ਵਿਚ ਜਿੱਥੇ ਲੋੜਵੰਦਾਂ ਬੱਚੇ ਬੱਚੀਆਂ ਨੂੰ ਜਿੱਥੇ ਗੁਰਬਾਣੀ ਦੀ ਸ਼ੁੱਧ ਸੰਥਿਆ ਅਤੇ ਤੰਤੀ ਸਾਜ਼ਾਂ ਦੀ ਸਿੱਖਲਾਈ ਦਿੱਤੀ ਜਾਂਦੀ ਹੈ ਉਥੇ ਦੁਨਵਾਵੀ ਸਿੱਖਿਆ ਅਤੇ ਨਾਲ ਖੇਡਾਂ ਵੀ ਕਰਵਾਈਆਂ ਜਾਂਦੀਆਂ ਹਨ । ਇਸ ਅਕੈਡਮੀ ਦੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ 2026,2027 ਸਟੇਟ ਲੈਵਲ ਬਾਕਸਿੰਗ ਮੁਕਾਬਲਿਆਂ ਵਿੱਚ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਗੋਲਡ ਮੈਡਲ ਪ੍ਰਾਪਤ ਕੀਤਾ। ਉੱਥੇ ਇਸ ਵਿਦਿਆਰਥੀ ਨੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦਾ ਨਾਮ ਰੌਸ਼ਨ ਕੀਤਾ।

ਇਕ ਸਤੰਬਰ ਤੋਂ ਚੰਡੀਗੜ੍ਹ ਮੋਰਚੇ ਲਈ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਤਿਆਰੀਆਂ ਜਾਰੀ

# ਜਗਜੀਤ ਸਿੰਘ ਕਾਦਾਬੋੜਾ ਨੂੰ ਜ਼ਿਲ੍ਹਾ ਪ੍ਰੈਸ ਸਕੱਤਰ ਕੀਤਾ ਨਿਯੁਕਤ

**ਫ਼ਿਰੋਜ਼ਪੁਰ, 26 ਅਗਸਤ (ਮਨੋਹਰ ਲਾਲ) :—** ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਕਿਸਾਨਾਂ ਦੀਆਂ ਹੱਕੀ ਅਤੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਇਕ ਸਤੰਬਰ ਤੋਂ ਚੰਡੀਗੜ੍ਹ ਵਿਖੇ ਮੋਰਚਾ ਲਾਇਆ ਜਾ ਰਿਹਾ ਹੈ। ਇਸ ਮੋਰਚੇ ਰਾਹੀਂ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਕਿਸਾਨੀ ਸੰਕਟ ਦਾ ਪੱਕਾ ਹੱਲ ਕਰਨ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ ਜਾਵੇਗੀ। ਇਸ ਮੋਰਚੇ ਦੀਆਂ ਤਿਆਰੀਆਂ ਲਈ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਜਿਲ੍ਹਾ ਪੱਧਰੀ ਮੀਟਿੰਗ ਕੀਤੀ ਗਈ। ਇਸ ਮੌਕੇ ਨਵੇਂ ਸ਼ਾਮਲ ਹੋਏ ਆਗੂ ਜਗਜੀਤ ਸਿੰਘ ਕਾਦਾਬੋੜਾ ਨੂੰ ਸਰਬਸੰਮਤੀ ਜਿਲ੍ਹਾ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਅੱਜ ਕਿਸਾਨ ਕਰਜ਼ੇ ਵਧ ਰਹੀਆਂ ਖੇਤੀ ਲਾਗਤਾਂ, ਫ਼ਸਲਾਂ ਦੇ ਵਾਜਬ ਭਾਅ ਅਤੇ ਪਾਣੀਆਂ ਨਾਲ ਜੁੜੀਆਂ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਸਰਕਾਰਾਂ ਵੱਲੋਂ ਵਾਰ—ਵਾਰ ਕੀਤੇ ਜਾਂਦੇ ਵਾਅਦਿਆਂ ਦੇ ਬਾਵਜੂਦ ਕਿਸਾਨਾਂ ਦੀਆਂ ਮੁੱਖ ਮੰਗਾਂ ਦਾ ਸਥਾਈ ਹੱਲ ਨਹੀਂ ਕੀਤਾ ਗਿਆ। ਮੋਰਚੇ ਦੀਆਂ ਪ੍ਰਮੁੱਖ ਮੰਗਾਂ ਵਿੱਚ ਕਿਸਾਨਾਂ ਦੇ ਸਮੁੱਚੇ ਕਰਜ਼ੇ 'ਤੇ ਰਾਹਤ ਮੁਆਫ਼ੀ, ਸਾਰੀਆਂ ਫ਼ਸਲਾਂ ਲਈ ਐਮ.ਐਸ.ਪੀ ਦੀ ਕਾਨੂੰਨੀ ਗਾਰੰਟੀ ਲਾਗੂ ਕਰਨਾ, ਕਿਸਾਨ ਵਿਰੋਧੀ ਟਰੇਡ ਡੀਲਾਂ ਰੱਦ ਕਰਨਾ, ਖੇਤੀ ਲਾਗਤਾਂ ਘਟਾਉਣਾ ਅਤੇ ਕਿਸਾਨਾਂ ਨੂੰ ਫ਼ਸਲਾਂ ਦੇ ਲਾਹੇਵੰਦ ਭਾਅ ਯਕੀਨੀ ਬਣਾਉਣਾ ਸ਼ਾਮਲ ਹੈ। ਇਸ ਤੋਂ ਇਲਾਵਾ ਪੰਜਾਬ ਦੇ ਦਰਿਆਈ ਪਾਣੀਆਂ, ਧਰਤੀ ਹੇਠਲੇ ਪਾਣੀ ਅਤੇ ਸਿੰਚਾਈ ਨਾਲ ਸਬੰਧਤ ਸਮੁੱਚੇ ਮਸਲਿਆਂ ਦਾ ਪੰਜਾਬ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਸਥਾਈ ਹੱਲ ਕਰਨ ਦੀ ਮੰਗ ਵੀ ਮੋਰਚੇ ਦੌਰਾਨ ਜ਼ੋਰਦਾਰ ਢੰਗ ਨਾਲ ਉਠਾਈ ਜਾਵੇਗੀ। ਸੰਯੁਕਤ ਕਿਸਾਨ ਮੋਰਚਾ ਪੰਜਾਬ ਨੇ ਕਿਸਾਨਾਂ, ਮਜ਼ਦੂਰਾਂ ਅਤੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਕ ਸਤੰਬਰ ਤੋਂ ਚੰਡੀਗੜ੍ਹ ਵਿਖੇ ਲੱਗਣ ਵਾਲੇ ਮੋਰਚੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਕਿਸਾਨੀ ਅਤੇ ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ। ਇਸ ਮੌਕੇ ਸੂਬਾ ਸਕੱਤਰ ਦਲਵਿੰਦਰ ਸਿੰਘ ਸ਼ੇਰਖਾਂ, ਜਿਲ੍ਹਾ ਪ੍ਰਧਾਨ ਦਿਲਬਾਗ ਸਿੰਘ ਸੁਰਸਿੰਘ ਵਾਲਾ, ਜ਼ਿਲ੍ਹਾ ਖਾਜਾਨਚੀ ਰਣਜੀਤ ਸਿੰਘ ਝੋਕ, ਗੁਰਜੱਜ ਸਿੰਘ ਸਾਂਦੇ ਹਾਸ਼ਮ ਵਿਕਰਮ ਬਾਰੇਕੇ ਬਖਸ਼ੀਸ ਨੰਬਰਦਾਰ ਗੁਰਸੇਵਕ ਸਿੰਘ ਸੁਰ ਸਿੰਘ, ਜਸਵੀਰ ਸਿੰਘ ਮਲਵਾਲ, ਗੁਰਮੁਖ ਸਿੰਘ ਯਾਰੇਸ਼ਾਹ, ਗੁਰਬਖ਼ਸ਼ ਸਿੰਘ ਬਾਜ਼ੀਦਪੁਰ, ਸੁਖਦੇਵ ਸਿੰਘ ਮੱਲਵਾਲ, ਨਛੱਤਰ ਸਿੰਘ ਧੱਲੇਕੇ, ਹਰਪ੍ਰੀਤ ਸਿੰਘ ਯਾਰੇਸ਼ਾਹ, ਕੁਲਵੰਤ ਸਿੰਘ ਕਾਦਾਬੋੜਾ ਆਦਿ ਆਗੂ ਹਾਜਰ ਸਨ।



### ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਪੰਜਵੇਂ ਸਥਾਪਨਾ ਦਿਵਸ 'ਤੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੀਤਾ ਸੰਬੋਧਨ





















**ਨਵੀਂ ਦਿੱਲੀ, 26 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਪੰਜਵੇਂ ਸਥਾਪਨਾ ਦਿਵਸ ਤੇ 25 ਅਗਸਤ ਨੂੰ ਤਾਲ ਕਟੋਰਾ ਇਨਡੋਰ ਸਟੇਡੀਅਮ ਸਟੇਡੀਅਮ ਦਿੱਲੀ ਵਿਖੇ ਸੰਬੋਧਨ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਆਜ਼ਾਦ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਇਸ ਸਮੇਂ ਸੰਤ ਗਿ: ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ,ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ ਪ੍ਰਧਾਨ ਪੰਥਕ ਅਕਾਲੀ ਦਲ,ਜਥੇਦਾਰ ਗਿ: ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ,ਸ. ਤਰਲੋਚਨ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ ਚੇਅਰਮੈਨ ਘੱਟ ਗਿਣਤੀ ਕਮਿਸ਼ਨ ਭਾਰਤ,ਪਦਮ ਸ੍ਰੀ ਸ. ਜਗਜੀਤ ਸਿੰਘ ਦਰਦੀ,ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਸਮੇਤ ਇਸ ਸਮੇਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ਸ. ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ. ਐਮ ਐਸ ਚੱਡਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨਾਂ ਵੱਲੋਂ ਰਲਕੇ ਆਈਆਂ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਪੰਨੂੰ ਦੀ ਜਾਨ ਨੂੰ ਮੁੜ ਖ਼ਤਰਾ ! FBI ਤੇ RCMP ਵੱਲੋਂ 'ਨਵੀਂ ਭਰੋਸੇਯੋਗ ਧਮਕੀ' ਦੀ ਚਿਤਾਵਨੀ

**ਵਾਸ਼ਿੰਗਟਨ/ਟੋਰਾਂਟੋ/ਲੰਡਨ (ਸਰਬਜੀਤ ਸਿੰਘ ਬਨੂੜ)**-ਸਿੱਖਸ ਫਾਰ ਜਸਟਿਸ ਦੇ ਸਲਾਹਕਾਰ ਅਤੇ ਖ਼ਾਲਿਸਤਾਨ ਰੈਫਰੈਂਡਮ ਮੁਹਿੰਮ ਦੇ ਆਗੂ ਗੁਰਪਤਵੰਤ ਸਿੰਘ ਪੰਨੂੰ ਨੂੰ ਅਮਰੀਕੀ ਜਾਂਚ ਏਜੰਸੀ

### ਨਿਖਿਲ ਗੁਪਤਾ ਨੂੰ 20 ਨਵੰਬਰ ਨੂੰ ਸੁਣਾਈ ਜਾਣੀ ਹੈ ਸਜ਼ਾ, ਨਵੀਂ ਚਿਤਾਵਨੀ ਨਾਲ ਮਾਮਲਾ ਮੁੜ ਗਰਮਾਇਆ



ਐਫਬੀਆਈ ਅਤੇ ਕੈਨੇਡਾ ਦੀ ਰਾਇਲ ਕੈਨੇਡੀਅਨ ਮਾਊਂਟਿਡ ਪੁਲਸ (RCMP) ਨੇ ਉਸਨੂੰ ਉਸਦੀ ਜਾਨ ਨੂੰ ਦਰਪੇਸ਼ ਇੱਕ ਨਵੇਂ ਅਤੇ ਭਰੋਸੇਯੋਗ ਖ਼ਤਰੇ ਬਾਰੇ ਚਿਤਾਵਨੀ ਦਿੱਤੀ ਹੈ।

ਐਸੋਸੀਏਟਿਡ ਪ੍ਰੈੱਸ ਦੀ ਰਿਪੋਰਟ ਮੁਤਾਬਕ ਐਫਬੀਆਈ ਦੇ ਅਧਿਕਾਰੀਆਂ ਨੇ 12 ਅਗਸਤ ਨੂੰ ਗੁਰਪਤਵੰਤ ਸਿੰਘ ਪੰਨੂੰ ਨਾਲ ਮੁਲਾਕਾਤ ਕਰਕੇ ਉਸਨੂੰ ਖ਼ਤਰਾ ਦੂਰ ਹੋਣ ਤੱਕ ਯਾਤਰਾ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ। ਉਸਨੂੰ ਇਹ ਵੀ ਕਿਹਾ ਗਿਆ ਕਿ ਜੇ ਕਿਸੇ ਜ਼ਰੂਰੀ ਕਾਰਨ ਕਰਕੇ ਯਾਤਰਾ ਕਰਨੀ ਪਵੇ ਤਾਂ ਸਫ਼ਰ ਤੋਂ ਪਹਿਲਾਂ ਐਫਬੀਆਈ ਨੂੰ ਸੂਚਿਤ ਕੀਤਾ ਜਾਵੇ। ਇਸ ਤੋਂ ਬਾਅਦ RCMP ਨੇ ਵੀ ਮੰਗਲਵਾਰ ਨੂੰ ਫੋਨ ਰਾਹੀਂ ਉਸਨੂੰ ਇਸ ਖ਼ਤਰੇ ਬਾਰੇ ਚੌਕਸ ਕੀਤਾ। ਹਾਲਾਂਕਿ, ਦੋਵਾਂ ਏਜੰਸੀਆਂ ਨੇ ਧਮਕੀ ਦੇ ਸਰੋਤ, ਇਸ ਪਿੱਛੇ ਕਥਿਤ ਵਿਅਕਤੀਆਂ ਜਾਂ ਸੰਭਾਵਿਤ ਤਰੀਕੇ ਬਾਰੇ ਜਨਤਕ ਤੌਰ 'ਤੇ ਕੋਈ ਵਿਸਥਾਰ ਨਹੀਂ ਦਿੱਤਾ।

ਪੰਨੂੰ ਅਨੁਸਾਰ ਇਹ ਚਿਤਾਵਨੀ ਅਮਰੀਕਾ ਦੇ 'Duty to Warn' ਪ੍ਰਬੰਧ ਤਹਿਤ ਦਿੱਤੀ ਗਈ ਹੈ। ਇਸ ਪ੍ਰਬੰਧ ਅਧੀਨ ਅਮਰੀਕੀ ਏਜੰਸੀਆਂ ਕਿਸੇ ਵਿਅਕਤੀ ਵਿਰੁੱਧ ਕਤਲ, ਅਗਵਾ ਜਾਂ ਗੰਭੀਰ ਸਰੀਰਕ ਨੁਕਸਾਨ ਦੇ ਭਰੋਸੇਯੋਗ ਅਤੇ ਖ਼ਾਸ ਖ਼ਤਰੇ ਦੀ ਜਾਣਕਾਰੀ ਮਿਲਣ 'ਤੇ ਉਸਨੂੰ ਸੁਚੇਤ ਕਰਦੀਆਂ ਹਨ।

ਇਹ ਤਾਜ਼ਾ ਘਟਨਾਕ੍ਰਮ ਉਸ ਸਮੇਂ ਸਾਹਮਣੇ ਆਇਆ ਹੈ ਜਦੋਂ ਭਾਰਤੀ ਨਾਗਰਿਕ ਨਿਖਿਲ ਗੁਪਤਾ ਅਮਰੀਕਾ ਵਿੱਚ ਪੰਨੂੰ ਦੀ ਹੱਤਿਆ ਦੀ ਸਾਜ਼ਿਸ਼ ਨਾਲ ਸਬੰਧਤ ਤਿੰਨਾਂ ਦੋਸ਼ਾਂ 'ਮਰਡਰ ਫਾਰ ਹਾਇਰ', ਇਸ ਦੀ ਸਾਜ਼ਿਸ਼ ਅਤੇ ਮਨੀ ਲਾਂਡਰਿੰਗ ਦੀ ਸਾਜ਼ਿਸ਼ ਵਿੱਚ ਦੋਸ਼ ਕਬੂਲ ਕਰ ਚੁੱਕਾ ਹੈ। ਅਮਰੀਕੀ ਅਦਾਲਤ ਵੱਲੋਂ ਉਸਨੂੰ ਹੁਣ 20 ਨਵੰਬਰ 2026 ਨੂੰ ਸਜ਼ਾ ਸੁਣਾਈ ਜਾਣੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਅਮਰੀਕੀ ਨਿਆਂ ਵਿਭਾਗ ਮੁਤਾਬਕ ਇਹ ਸਾਜ਼ਿਸ਼ 2023 ਵਿੱਚ ਰਚੀ ਗਈ ਸੀ ਅਤੇ ਗੁਪਤਾ ਨੇ ਜਿਸ ਵਿਅਕਤੀ ਨੂੰ ਕਥਿਤ ਕਾਤਲ ਸਮਝ ਕੇ ਸੰਪਰਕ ਕੀਤਾ, ਉਹ ਅਸਲ ਵਿੱਚ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀ ਏਜੰਸੀ ਨਾਲ ਜੁੜਿਆ ਹੋਇਆ ਸੀ। ਪੰਨੂੰ ਨੂੰ ਅਮਰੀਕਾ ਅਤੇ ਕੈਨੇਡਾ ਦੀਆਂ ਦੋਵਾਂ ਪ੍ਰਮੁੱਖ ਏਜੰਸੀਆਂ ਵੱਲੋਂ ਨਵੇਂ ਜਾਨਲੇਵਾ ਖ਼ਤਰੇ ਸਬੰਧੀ ਚਿਤਾਵਨੀ ਮਿਲਣ ਤੋਂ ਬਾਅਦ ਮਾਮਲਾ ਮੁੜ ਗਰਮਾਇਆ ਗਿਆ ਹੈ। ਸੂਤਰਾਂ ਮੁਤਾਬਕ ਇੰਗਲੈਂਡ ਅਤੇ ਕੈਨੇਡਾ ਵਿੱਚ ਸਰਗਰਮ ਕਈ ਖ਼ਾਲਿਸਤਾਨੀ ਆਗੂਆਂ ਨੂੰ ਵੀ ਉਨ੍ਹਾਂ ਦੀ ਜਾਨ ਨੂੰ ਦਰਪੇਸ਼ ਕਥਿਤ ਖ਼ਤਰਿਆਂ ਸਬੰਧੀ ਸੁਰੱਖਿਆ ਏਜੰਸੀਆਂ ਵੱਲੋਂ ਰਸਮੀ ਚਿਤਾਵਨੀਆਂ ਦਿੱਤੀਆਂ ਗਈਆਂ ਹਨ। ਹਾਲਾਂਕਿ, ਸੁਰੱਖਿਆ ਕਾਰਨਾਂ ਕਰਕੇ ਇਨ੍ਹਾਂ ਆਗੂਆਂ ਦੇ ਨਾਂ, ਖ਼ਤਰੇ ਦੇ ਸਰੋਤ ਅਤੇ ਚਿਤਾਵਨੀਆਂ ਦੇ ਵੇਰਵੇ ਜਨਤਕ ਨਹੀਂ ਕੀਤੇ ਗਏ।

## ਖ਼ਾਲਸਾ ਅਕੈਡਮੀ, ਜੱਬੋਵਾਲ (ਅੰਮ੍ਰਿਤਸਰ) ਦੇ 6 ਵਿਦਿਆਰਥੀਆਂ ਨੇ

# ਅੰਮ੍ਰਿਤਸਰ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਮੁੱਕੇਬਾਜੀ (ਬਾਕਸਿੰਗ) 'ਚ ਭਾਗ ਲਿਆ



**ਜੰਡਿਆਲਾ ਗੁਰੂ, 26 ਅਗਸਤ ( ਕੁਲਵੰਤ ਸਿੰਘ ਵਿਰਦੀ )**-ਖ਼ਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ ਕੇ ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰੇ ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਖਾਲਸਾ ਅਕੈਡਮੀ ਦੇ 6 ਵਿਦਿਆਰਥੀਆਂ ਨੇ ਅੰਮ੍ਰਿਤਸਰ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਭਾਗ ਲਿਆ । ਇਸ ਦੌਰਾਨ ਮੁੱਕੇਬਾਜੀ ਕੋਚ ਸੁਖਕਰਨਜੀਤ ਸਿੰਘ ਦੁਆਰਾ ਮਿਹਨਤ ਸਦਕਾ ਜਸ਼ਨਦੀਪ ਸਿੰਘ ਨੇ ਗੋਲਡ ਮੈਡਲ, ਸ਼ਿਹਬਾਜ ਸਿੰਘ ਅਤੇ ਦਲਜੀਤ ਸਿੰਘ ਨੇ ਸਿਲਵਰ ਮੈਡਲ ਜਿੱਤ ਕੇ ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਖਾਲਸਾ ਅਕੈਡਮੀ, ਜੱਬੋਵਾਲ ਦਾ ਨਾਮ ਰੋਸ਼ਨ ਕੀਤਾ। ਜੋ ਕਿ ਇਹਨਾਂ ਬੱਚਿਆਂ ਨੂੰ ਕੋਚ ਸੁਖਕਰਨਜੀਤ ਸਿੰਘ ਦੁਆਰਾ ਕਰਵਾਈ ਗਈ ਮਿਹਨਤ ਦਾ ਫਲ ਮਿਲਿਆ ਹੈ। ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ ਨੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਅਤੇ ਦੱਸਿਆ ਕਿ ਗੁਰੂ ਸਾਹਿਬ ਜੀ ਬਖ਼ਿਸ਼ਸ਼ ਸਦਕਾ, ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਆਸ਼ੀਰਵਾਦ ਨਾਲ ਚੱਲ ਰਹੀ ਸੰਸਥਾ ਅਨੇਕਾਂ ਸੇਵਾਵਾਂ ਨਿਭਾ ਰਹੀ ਹੈ, ਜਿਵੇਂ ਕਿ ਗੁਰਬਾਣੀ ਸੰਥਿਆ, ਤੰਤੀ ਸਾਜਾਂ ਦੀ ਵਿੱਦਿਆ, ਸੰਗੀਤ ਵਿੱਦਿਆ, ਸ਼ਾਸ਼ਤਰ ਵਿੱਦਿਆ (ਗਤਕਾ), ਤੀਰ ਅੰਦਾਜ਼ੀ ਅਤੇ ਦੁਨਿਆਵੀ ਵਿਦਿਆ ਆਦਿ। ਗੁਰਬਾਣੀ ਸੰਥਿਆ ਦੀ ਸੇਵਾ ਭਾਈ ਵੀਰ ਸਿੰਘ ਜੀ (ਮੁੱਛਲ) ਅਤੇ ਭਾਈ ਅਮਰੀਕ ਸਿੰਘ ਜੀ (ਬਾਬਾ ਬਕਾਲਾ ਸਾਹਿਬ) ਨਿਭਾ ਰਹੇ ਹਨ। ਖਾਲਸਾ ਅਕੈਡਮੀ ਵਿਖੇ ਬੱਚਿਆਂ ਦੀ ਦੁਨਿਆਵੀ ਵਿੱਦਿਆ ਦੀ ਸੇਵਾ ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਵੱਲੋਂ, ਸੁਪਰਡੈਂਟ ਗੁਰਪਿੰਦਰ ਸਿੰਘ, ਮਾਸਟਰ ਬਲਵਿੰਦਰ ਸਿੰਘ ਅਤੇ ਸਾਰੇ ਅਧਿਆਪਕ ਸਹਿਬਾਨ ਦੇ ਸਹਿਯੋਗ ਸਦਕਾ ਚੱਲ ਰਹੀ ਹੈ। ਤੰਤੀ ਸਾਜ਼ਾਂ ਦੀ ਵਿਦਿਆ ਭਾਈ ਸਤਨਾਮ ਸਿੰਘ (ਦਮਦਮੀ ਟਕਸਾਲ) ਅਤੇ ਕੀਰਤਨ ਦੀ ਸਿਖਲਾਈ ਭਾਈ ਮਨਦੀਪ ਸਿੰਘ ਅੰਮ੍ਰਿਤਸਰ ਦੇ ਰਹੇ ਹਨ। ਇਸ ਤੋਂ ਇਲਾਵਾ ਇਲਾਕੇ ਦੇ ਬੱਚਿਆਂ ਨੂੰ ਨਸ਼ਿਆਂ ਦੇ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਕੇ ਗੁਰਬਾਣੀ ਵੱਲ ਪ੍ਰੇਰਿਤ ਕੀਤਾ ਜਾਂਦਾ ਹੈ। ਗ੍ਰੰਥੀ ਸਿੰਘਾਂ ਅਤੇ ਲੋੜਵੰਦ ਬੱਚਿਆਂ ਨੂੰ ਇਹ ਸਾਰੀਆਂ ਵਿੱਦਿਆ ਫ੍ਰੀ ਦਿੱਤੀਆਂ ਜਾ ਰਹੀਆਂ ਹਨ ਉਹਨਾਂ ਨੇ ਅਕੈਡਮੀ ਦੇ ਸਾਰੇ ਪਰਿਵਾਰ ਨੂੰ ਵਧਾਈਆਂ ਵੀ ਦਿੱਤੀਆਂ ਅਤੇ ਬੱਚਿਆਂ ਦੀ ਹੌਂਸਲਾ ਹਫਜਾਈ ਕਰਦਿਆਂ ਕਿਹਾ ਕਿ ਇਸ ਅਕੈਡਮੀ ਦੇ ਬੱਚੇ ਆਉਣ ਵਾਲੇ ਸਮੇਂ ਵਿੱਚ ਵੱਡੇ ਪੱਧਰ ਤੇ ਮੱਲਾਂ ਮਾਰਨਗੇ। ਇਸ ਖ਼ੁਸ਼ੀ ਦੇ ਮੌਕੇ ਤੇ ਭਾਈ ਤੇਜਬੀਰ ਸਿੰਘ, ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਨਿਸ਼ਾਨ ਸਿੰਘ ਭਾਈ ਬੂਟਾ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ, ਜੋ ਅਕੈਡਮੀ ਦੀਆਂ ਸੇਵਾਵਾਂ ਦੇ ਨਾਲ ਨਾਲ ਹਰ ਮਹੀਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਣ ਦੀ ਸੇਵਾ ਵੀ ਨਿਭਾਉਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜਸ਼ਨਦੀਪ ਸਿੰਘ ਨੇ ਬਾਕਸਿੰਗ ਵਿੱਚ ਜਿੱਤਿਆ ਗੋਲਡ

# ਇਤਿਹਾਸਿਕ ਪੁਸਤਕ 'ਪੰਜ ਪਿਆਰੇ' ਦਾ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਲੋਕ ਅਰਪਣ



ਖਰੜ, 26 ਅਗਸਤ (ਆਵਾਜ਼ਿ ਕੌਮ ਬਿਊਰੋ)-ਖਾਲਸੇ ਦੇ ਪ੍ਰਗਟ ਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਇਤਿਹਾਸਕਾਰ ਅਤੇ ਲੇਖਕ ਭਾਈ ਹਾਕਮ ਸਿੰਘ ਖਰੜ ਵੱਲੋਂ ਲਿਖੀ ਗਈ ਇਤਿਹਾਸਿਕ ਪੁਸਤਕ "ਪੰਜ ਪਿਆਰੇ" ਸੰਗਤਾਂ ਨੂੰ ਅਰਪਿਤ ਕੀਤੀ ਗਈ। ਪੁਸਤਕ ਦਾ ਵਿਮੋਚਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਜੋਗਿੰਦਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਤਖ਼ਤ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸਕੱਤਰ ਅਵਤਾਰ ਸਿੰਘ ਸੈਂਪਲਾ, ਪੰਥਕ ਸੇਵਾਦਾਰ ਸੁਰਿੰਦਰ ਸਿੰਘ ਕਿਸ਼ਨਪੁਰਾ, ਤਖ਼ਤ ਸਾਹਿਬ ਦੇ ਅਧਿਕਾਰੀ ਅਤੇ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੀਰੀ ਪੀਰੀ ਖਾਲਸਾ ਮਾਰਚ ਦਾ ਧੂਰੀ ਪਹੁੰਚਣ 'ਤੇ ਕੀਤਾ ਨਿੱਘਾ ਸਵਾਗਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ਼ ਨੂੰ ਸਮਰਪਿਤ ਮੀਰੀ ਪੀਰੀ ਖਾਲਸਾ ਮਾਰਚ ਦਾ ਧੂਰੀ ਪਹੁੰਚਣ 'ਤੇ ਨਾਨਕਸਰ ਗੁਰਦਵਾਰਾ ਸਾਹਿਬ ਵਿਖੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ, ਭੁਪਿੰਦਰ ਸਿੰਘ ਭਲਵਾਨ ਮੈਂਬਰ ਐਸਜੀਪੀਸੀ, ਪ੍ਰੋਫੈਸਰ ਓਂਕਾਰ ਸਿੰਘ ਸਿੱਧੂ, ਪਰਮਜੀਤ ਸਿੰਘ ਪੰਮਾ ਬਾਠ, ਤਲਵੀਰ ਸਿੰਘ ਧਨੇਸਰ, ਬੰਤ ਸਿੰਘ ਧੂਰੀ ਅਤੇ ਸਮੂਹ ਗੁਰਦੁਆਰਾ ਕਮੇਟੀ ਆਂ ਵੱਲੋਂ ਖਾਲਸਾ ਮਾਰਚ ਅਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਅਕਾਲ ਤਖਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਹੁਕਮ ਮੰਨਦੇ ਹੋਇਆ ਆਪਣੇ ਬੱਚਿਆਂ ਨੂੰ ਕੇਸਾਂਧਾਰੀ ਬਣਾ ਕੇ ਅੰਮ੍ਰਿਤਧਾਰੀ ਬਣਾਉਣਾ ਜਰੂਰੀ ਹੈ। ਉਹਨਾਂ ਕਿਹਾ ਕਿ ਧੰਨ ਧੰਨ ਸ੍ਰੀ ਹਰਗੋਬਿੰਦ ਸਾਹਿਬ ਜੀ ਤੇ ਮੀਰੀ ਪੀਰੀ ਸਿਧਾਂਤ ਨੂੰ ਮੁੱਖ ਰੱਖਦਿਆਂ ਹੋਇਆਂ ਹਰ ਸਿੱਖ ਪਰਿਵਾਰ ਘੱਟੋ ਘੱਟ ਚਾਰ ਬੱਚੇ ਪੈਦਾ ਕਰੇ ਤਾਂ ਜੋ ਸਿੱਖ ਕੌਮ ਦਾ ਖਾਲਸਾ ਰਾਜ ਆਉਣ ਵਾਲੇ ਸਮੇਂ ਦੇ ਵਿੱਚ ਸਥਾਪਿਤ ਕੀਤਾ ਜਾ ਸਕੇ। ਇਸ ਮੌਕੇ ਜਸਵੀਰ ਸਿੰਘ ਬਰੜਵਾਲ, ਸਰਬਜੀਤ ਸਿੰਘ ਕਾਤਰੋਂ, ਨਿਰਭੈ ਸਿੰਘ ਹੇੜੀਕੇ, ਅੰਮ੍ਰਿਤ ਬਰਾੜ, ਗੁਰਮੀਤ ਸਿੰਘ ਮਾਹੀ, ਠੇਕੇਦਾਰ ਨਿਰਭੈ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਘੜੂੰਆਂ ਵਿੱਚ ਚਾਂਦੀ ਦੇ ਸਿੱਕੇ ਮਿਲਣ ਦਾ ਮਾਮਲਾ: ਨਗਰ ਪੰਚਾਇਤ ਨੇ ਮੰਗੀ ਪੁਲਿਸ ਸੁਰੱਖਿਆ

### ਖੁਦਾਈ ਵਾਲੀ ਥਾਂ ਨੂੰ ਲੋਹੇ ਦੀਆਂ ਚਾਦਰਾਂ ਲਗਾ ਕੇ ਕੀਤਾ ਸੀਲ, ਸਿੱਕਿਆਂ ਦੀ ਭਾਲ ਵਿੱਚ ਦੇਰ ਰਾਤ ਤੱਕ ਮਿੱਟੀ ਪੁੱਟਦੇ ਰਹੇ ਲੋਕ



ਖਰੜ, 26 ਅਗਸਤ (ਆਵਾਜ਼ਿ ਕੌਮ ਬਿਊਰੋ)- ਨਗਰ ਪੰਚਾਇਤ ਘੜੂੰਆਂ ਦੇ ਵਾਰਡ ਨੰਬਰ 3 ਵਿੱਚ ਲਾਇਬ੍ਰੇਰੀ ਦੀ ਉਸਾਰੀ ਲਈ ਕੀਤੀ ਜਾ ਰਹੀ ਖੁਦਾਈ ਦੌਰਾਨ ਚਾਂਦੀ ਦੇ ਸਿੱਕੇ ਮਿਲਣ ਦੇ ਮਾਮਲੇ ਤੋਂ ਬਾਅਦ ਨਗਰ ਪੰਚਾਇਤ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ ਹੈ। ਨਗਰ ਪੰਚਾਇਤ ਵੱਲੋਂ ਥਾਣਾ ਘੜੂੰਆਂ ਦੇ ਮੁੱਖ ਅਫਸਰ ਨੂੰ ਪੱਤਰ ਲਿਖ ਕੇ ਮੌਕੇ 'ਤੇ ਪੁਲਿਸ ਸੁਰੱਖਿਆ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਗਈ ਹੈ। ਪੱਤਰ ਅਨੁਸਾਰ ਪਿੰਡ ਘੜੂੰਆਂ ਦੇ ਵਾਰਡ ਨੰਬਰ 3 ਵਿੱਚ 'ਕੰਸਟਰਕਸ਼ਨ ਆਫ ਲਾਇਬ੍ਰੇਰੀ ਐਟ ਐੱਨ.ਪੀ. ਘੜੂੰਆਂ' ਤਹਿਤ ਲਾਇਬ੍ਰੇਰੀ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਇਸ ਸਬੰਧੀ 24 ਅਗਸਤ ਨੂੰ ਖੁਦਾਈ ਸ਼ੁਰੂ ਕੀਤੀ ਗਈ ਸੀ, ਜਦਕਿ 25 ਅਗਸਤ ਨੂੰ ਖੁਦਾਈ ਦੌਰਾਨ ਕੁਝ ਚਾਂਦੀ ਦੇ ਸਿੱਕੇ ਮਿਲਣ ਦੀ ਜਾਣਕਾਰੀ ਨਗਰ ਪੰਚਾਇਤ ਨੂੰ ਮਿਲੀ। ਨਗਰ ਪੰਚਾਇਤ ਨੇ ਆਪਣੇ ਪੱਤਰ ਵਿੱਚ ਕਿਹਾ ਹੈ ਕਿ ਉਕਤ ਸਥਾਨ 'ਤੇ ਸਬੰਧਤ ਵਿਭਾਗਾਂ ਵੱਲੋਂ ਜਾਂਚ ਅਤੇ ਲੋੜੀਂਦੀ ਕਾਰਵਾਈ ਕੀਤੀ ਜਾ ਸਕਦੀ ਹੈ। ਮੌਕੇ ਦੀ ਸੁਰੱਖਿਆ ਅਤੇ ਦੇਖਭਾਲ ਲਈ ਸਹਾਇਕ ਮਿਉਂਸਪਲ ਇੰਜੀਨੀਅਰ ਹਰਮੇਲ ਸਿੰਘ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪਟਵਾਰੀ ਸੁਲੱਖਣ ਸਿੰਘ, ਬੇਲਦਾਰ ਮਨਜੀਤ ਸਿੰਘ, ਬੇਲਦਾਰ ਜਗਵਿੰਦਰ ਸਿੰਘ ਅਤੇ ਤਿੰਨ ਸਫਾਈ ਸੇਵਕਾਂ ਦੀ ਵੀ ਡਿਊਟੀ ਲਗਾਈ ਗਈ ਹੈ। ਨਗਰ ਪੰਚਾਇਤ ਵੱਲੋਂ ਪੁਲਿਸ ਨੂੰ ਅਪੀਲ ਕੀਤੀ ਗਈ ਹੈ ਕਿ ਮੌਕੇ 'ਤੇ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੁਰੱਖਿਆ ਮੁਹੱਈਆ ਕਰਵਾਈ ਜਾਵੇ, ਤਾਂ ਜੋ ਅਮਨ-ਕਾਨੂੰਨ ਦੀ ਸਥਿਤੀ ਬਣੀ ਰਹੇ। ਹਾਲਾਂਕਿ ਅਜੇ ਤੱਕ ਮਿਲੇ ਸਿੱਕਿਆਂ ਦੀ ਗਿਣਤੀ, ਉਨ੍ਹਾਂ ਦੀ ਪੁਰਾਤਨਤਾ ਜਾਂ ਕੀਮਤ ਬਾਰੇ ਕੋਈ ਅਧਿਕਾਰਤ ਜਾਣਕਾਰੀ ਸਾਹਮਣੇ ਨਹੀਂ ਆਈ ਹੈ।



### ਲੋਹੇ ਦੀਆਂ ਚਾਦਰਾਂ ਲਗਾ ਕੇ ਜਗ੍ਹਾ ਕੀਤੀ ਸੀਲ

ਚਾਂਦੀ ਦੇ ਸਿੱਕੇ ਮਿਲਣ ਦੀ ਖ਼ਬਰ ਫੈਲਣ ਤੋਂ ਬਾਅਦ ਲੋਕਾਂ ਦੀ ਭੀੜ ਉਕਤ ਸਥਾਨ 'ਤੇ ਇਕੱਠੀ ਹੋ ਗਈ। ਲੋਕ ਸਿੱਕੇ ਮਿਲਣ ਦੀ ਆਸ ਵਿੱਚ ਦੇਰ ਰਾਤ 12 ਵਜੇ ਤੱਕ ਮਿੱਟੀ ਫਰੋਲਦੇ ਰਹੇ। ਇਸ ਤੋਂ ਬਾਅਦ ਨਗਰ ਪੰਚਾਇਤ ਵੱਲੋਂ ਸੁਰੱਖਿਆ ਦੇ ਮੱਦੇਨਜ਼ਰ ਖੁਦਾਈ ਵਾਲੀ ਜਗ੍ਹਾ ਨੂੰ ਲੋਹੇ ਦੀਆਂ ਚਾਦਰਾਂ ਲਗਾ ਕੇ ਸੀਲ ਕਰ ਦਿੱਤਾ ਗਿਆ ਹੈ ਹੁਣ ਦੇਖਣਾ ਇਹ ਹੋਵੇਗਾ ਕਿ ਲੋਕਾਂ ਵੱਲੋਂ ਮਿਲੇ ਦੱਸੇ ਜਾ ਰਹੇ ਸਿੱਕਿਆਂ ਨੂੰ ਨਗਰ ਪੰਚਾਇਤ ਅਤੇ ਸਬੰਧਤ ਵਿਭਾਗ ਕਿਵੇਂ ਇਕੱਠਾ ਕਰਦੇ ਹਨ ਅਤੇ ਜਾਂਚ ਤੋਂ ਬਾਅਦ ਇਸ ਮਾਮਲੇ ਦੀ ਅਸਲ ਸਥਿਤੀ ਕੀ ਸਾਹਮਣੇ ਆਉਂਦੀ ਹੈ।